**ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ**

**ਵਣ** ਭਵਨ, **ਸੈਕਟਰ**-68, **ਐੱਸ.ਏ.ਐੱਸ. ਨਗਰ।**

https://sssb.punjab.gov.in

**ਇਸ਼ਤਿਹਾਰ ਨੰਬਰ** 12 **ਆਫ** 2026 **ਅਸਾਮੀਆਂ ਦੀ ਗਿਣਤੀ** - 70


| **ਲੜੀ ਨੰ.** | **ਵੇਰਵਾ** | **ਪੰਨਾ ਨੰਬਰ** |
|---|---|---|
| 1. | ਮਹੱਤਵਪੂਰਨ ਮਿਤੀਆਂ | 1 |
| 2. | ਜਾਣ-ਪਹਿਚਾਣ / ਵਿਸਥਾਰਪੂਰਵਕ ਸੂਚਨਾ | 1 |
| 3. | ਅਸਾਮੀਆਂ ਦਾ ਸ਼੍ਰੇਣੀ-ਵਾਰ ਵਰਗੀਕਰਨ (Category-wise) | 1 (As per Annexure A) |
| 4. | ਅਸਾਮੀਆਂ ਅਪਲਾਈ ਕਰਨ ਲਈ ਕੈਟਾਗਰੀ ਕੋਡ | 2 |
| 5. | ਰਾਖਵਾਂਕਰਨ ਸੰਬੰਧੀ ਮਹੱਤਵਪੂਰਨ ਹਦਾਇਤਾਂ | 2-4 |
| 6. | ਵਿੱਦਿਅਕ/ਤਕਨੀਕੀ ਯੋਗਤਾ | 4-7 |
| 7. | ਉਮਰ ਸੀਮਾ | 7-8 |
| 8. | ਤਨਖਾਹ ਦੀਆਂ ਦਰ੍ਹਾ (Pay-Scale) ਅਤੇ ਭੱਤੇ | 8-9 |
| 9. | ਫੀਸ ਸੰਬੰਧੀ ਵੇਰਵਾ | 9 |
| 10. | ਚੋਣ ਵਿਧੀ/ਪ੍ਰੀਖਿਆ ਸੰਬੰਧੀ ਜਾਣਕਾਰੀ | 9 (as per Annexure B) |
| 11. | ਉਮੀਦਵਾਰ ਨੂੰ ਅਯੋਗ ਕਰਾਰ ਦੇਣ ਜਾਂ ਪਾਤਰਤਾ ਰੱਦ ਕਰਨ ਦੀਆਂ ਸ਼ਰਤਾਂ | 9-10 |
| 12. | ਅਪਲਾਈ ਕਰਨ ਦੀ ਵਿਧੀ | 10-11 |
| 13. | ਬਿਨੈਕਾਰ ਦੇ ਧਿਆਨ ਹਿੱਤ ਜ਼ਰੂਰੀ ਹਦਾਇਤਾਂ | 11-12 |

# ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ

**ਵਣ ਕੰਪਲੈਕਸ, ਸੈਕਟਰ-68, ਐਸ.ਏ.ਐਸ. ਨਗਰ।**

https://sssb.punjab.gov.in

## ਜਨਤਕ ਨਿਯੁਕਤੀਆਂ

**ਮਹੱਤਵਪੂਰਨ ਮਿਤੀਆਂ:**

| | | |
|---|---|---|
| **ਇਸ਼ਤਿਹਾਰ ਪ੍ਰਕਾਸ਼ਿਤ ਹੋਣ ਦੀ ਮਿਤੀ:** | - | **18-09-2026** |
| **ਆਨਲਾਈਨ ਅਪਲਾਈ ਕਰਨ ਦੀ ਸ਼ੁਰੂਆਤੀ ਮਿਤੀ:** | - | **25-09-2026** |
| **ਆਨਲਾਈਨ ਅਰਜੀਆਂ ਸਬਮਿਟ/ਅਪਲਾਈ ਕਰਨ ਅਤੇ ਫੀਸ ਭਰਨ ਦੀ ਆਖਰੀ ਮਿਤੀ** | - | **19-10-2026** |

**1. ਜਾਣ-ਪਹਿਚਾਣ**

ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ ਦੀ ਸਥਾਪਨਾ ਭਾਰਤੀ ਸੰਵਿਧਾਨ ਦੀ ਧਾਰਾ 309 ਤਹਿਤ ਕੀਤੀ ਗਈ ਹੈ, ਜਿਸਦਾ ਮੁੱਖ ਮੰਤਵ ਪੰਜਾਬ ਸਰਕਾਰ ਦੇ ਅਦਾਰਿਆਂ ਵੱਲੋਂ ਪ੍ਰਾਪਤ ਹੋਏ ਮੰਗ ਪੱਤਰਾਂ ਅਨੁਸਾਰ ਪੰਜਾਬ ਸਰਕਾਰ ਦੇ ਅਦਾਰਿਆਂ ਵਿੱਚ ਗੁਰੱਪ-ਬੀ, ਗਰੁੱਪ-ਸੀ ਅਤੇ ਗਰੁੱਪ-ਡੀ ਸੇਵਾਵਾਂ ਦੇ ਅਮਲੇ ਦੀ ਭਰਤੀ ਕਰਨਾ ਹੈ।

**2. ਵਿਸਥਾਰਪੂਰਵਕ ਸੂਚਨਾ**

ਪੰਜਾਬ ਸਰਕਾਰ ਦੇ ਵੱਖ ਵੱਖ ਵਿਭਾਗਾਂ ਤੋਂ ਪ੍ਰਾਪਤ ਮੰਗ ਪੱਤਰ, ਅਸਾਮੀਆਂ ਦਾ ਵਰਗੀਕਰਨ ਅਤੇ ਵਿਭਾਗੀ ਸੇਵਾ ਨਿਯਮਾਂ ਅਨੁਸਾਰ **ਗਰੁੱਪ-ਸੀ** ਦੀਆਂ ਅਸਾਮੀਆਂ ਨੂੰ ਭਰਨ ਲਈ ਬੋਰਡ ਦੀ ਵੈਬਸਾਈਟ **https://sssb.punjab.gov.in** ਤੇ ਯੋਗ ਉਮੀਦਵਾਰਾਂ ਤੋਂ ਮਿਤੀ **25-09-2026 ਤੋਂ 19-10-2026** ਤੱਕ ਕੇਵਲ ਆਨਲਾਈਨ ਮੋਡ ਰਾਹੀਂ ਅਰਜੀਆਂ/ਬਿਨੈ-ਪੱਤਰਾਂ ਦੀ ਮੰਗ ਕੀਤੀ ਜਾਂਦੀ ਹੈ।

**3. ਅਸਾਮੀਆਂ ਦੀ ਵਿਭਾਗ-ਵਾਰ, ਅਸਾਮੀ-ਵਾਰ ਅਤੇ ਸ਼੍ਰੇਣੀ-ਵਾਰ ਵਰਗੀਕਰਨ Annexure-A ਤੇ ਨੱਥੀ ਹੈ।**

**ਨੋਟ:** Annexure-A ਤੇ ਨੱਥੀ ਸ਼੍ਰੇਣੀ-ਵਾਈਜ ਵਰਗੀਕਰਨ ਵਿਭਾਗਾਂ ਵੱਲੋਂ ਪ੍ਰਾਪਤ ਮੰਗ ਪੱਤਰ ਦੇ ਅਧਾਰ ਤੇ ਦਰਸਾਇਆ ਗਿਆ ਹੈ। ਜੇਕਰ ਸਬੰਧਤ ਵਿਭਾਗ ਭਵਿੱਖ ਵਿੱਚ ਭਰਤੀ ਪ੍ਰਕਿਰਿਆ ਦੀ ਕਿਸੇ ਵੀ ਪੜਾਅ (stage) ਤੇ ਕਿਸੇ ਵੀ ਕਾਰਨ **Annexure-A** ਵਿੱਚ ਦਰਸਾਈਆਂ ਅਸਾਮੀਆਂ ਦੀ ਗਿਣਤੀ ਘਟਾਉਣ ਜਾਂ ਵਧਾਉਣ ਜਾਂ ਅਸਾਮੀਆਂ ਦੀ ਮੰਗ ਮੁਕੰਮਲ ਰੂਪ ਵਿੱਚ ਵਾਪਿਸ ਲੈਣ ਦਾ ਫੈਸਲਾ ਲੈਂਦਾ ਹੈ ਜਾਂ ਉਪਰੋਕਤ ਦਰਸਾਏ ਸ਼੍ਰੇਣੀਆਂ ਦੇ ਵਰਗੀਕਰਨ ਵਿੱਚ ਕਿਸੇ ਵੀ ਤਰ੍ਹਾਂ ਦੀ ਤਬਦੀਲੀ/ਸੋਧ ਕਰਨ ਦਾ ਫੈਸਲਾ ਲੈਂਦਾ ਹੈ ਤਾਂ ਬੋਰਡ ਦੁਆਰਾ ਇਸ ਸਬੰਧੀ ਭਰਤੀ ਵਿੱਚ ਸੋਧ ਕੀਤੀ ਜਾ ਸਕਦੀ ਹੈ ਜਾਂ ਇਸ਼ਤਿਹਾਰ/ਅਸਾਮੀਆਂ ਨੂੰ ਮੂਲ ਰੂਪ ਵਿੱਚ ਵਾਪਿਸ ਲਿਆ ਜਾ ਸਕਦਾ ਹੈ। ਅਜਿਹੀ ਹਰ ਤਰਾਂ ਦੀ ਕਾਰਵਾਈ ਸਮੂਹ ਉਮੀਦਵਾਰਾਂ ਤੇ ਲਾਗੂ ਹੋਵੇਗੀ।

**4. ਅਸਾਮੀਆਂ ਲਈ ਅਪਲਾਈ ਕਰਨ ਲਈ ਸ਼੍ਰੇਣੀ ਕੋਡ** (Category Code) :-

| Sr. No. | Category | Code |
|---|---|---|
| 1. | General | 101 |
| 2. | EWS (Gen.) | 102 |
| 3. | S.C. (M & B) | 103 |
| 4. | S.C. (Ramdasia & others) | 104 |
| 5. | B.C. | 105 |
| 6. | ESM Gen. (Self) | 106 |
| 7. | ESM Gen. (Dependent) | 107 |
| 8. | ESM S.C (R & O) (Self) | 110 |
| 9. | ESM S.C (R & O) (Dependent) | 111 |
| 10. | Sports General | 114 |
| 11. | Sports {SC (M&B)} | 115 |
| 12. | Physical Handicapped (Ortho) | 117 |
| 13. | Physical Handicapped (VI) | 118 |
| 14. | Physical Handicapped (HI) | 119 |

General - ਆਮ ਵਰਗ,
EWS (Gen.) -ਆਰਥਿਕ ਤੌਰ ਤੇ ਕਮਜ਼ੋਰ ਵਰਗ (ਆਮ),
S.C. (M&B) -ਅਨੁਸੂਚਿਤ ਜਾਤੀ (ਮਜ਼ਬੀ ਤੇ ਬਾਲਮਿਕੀ),
S.C. (R&O) - ਅਨੁਸੂਚਿਤ ਜਾਤੀ (ਰਾਮਦਾਸੀਆ ਤੇ ਹੋਰ),
B.C. -ਪੱਛੜੀ ਸ਼੍ਰੇਣੀ,
ESM Gen. (Self) - ਸਾਬਕਾ ਫੌਜੀ-ਆਮ ਵਰਗ (ਖੁਦ),
ESM Gen. (Dependent) -ਸਾਬਕਾ ਫੌਜੀ-ਆਮ ਵਰਗ (ਆਸ਼ਰਿਤ),
ESM {S.C(R&O)}(Self) -ਸਾਬਕਾ ਫੌਜੀ {ਅਨੁਸੂਚਿਤ ਜਾਤੀ (ਰਾਮਦਾਸੀਆ ਤੇ ਹੋਰ)}(ਖੁਦ),
ESM {S.C(R&O)}(Dependent)-ਸਾਬਕਾ ਫੌਜੀ {ਅਨੁਸੂਚਿਤ ਜਾਤੀ (ਰਾਮਦਾਸੀਆ ਤੇ ਹੋਰ)}(ਆਸ਼ਰਿਤ),
Sports General -ਖਿਡਾਰੀ ਆਮ ਵਰਗ,
Sports {SC(M&B)} -ਖਿਡਾਰੀ {ਅਨੁਸੂਚਿਤ ਜਾਤੀ (ਮਜ਼ਬੀ ਤੇ ਬਾਲਮਿਕੀ)},
Physical Handicapped (Ortho) -ਦਿਵਿਆਂਗਜਨ (ਆਰਥੋ),
Physical Handicapped (VI) -ਦਿਵਿਆਂਗਜਨ (ਨੇਤਰਹੀਣ/ਅੰਸ਼ਿਕ ਨੇਤਰਹੀਣ),
Physical Handicapped (HI) -ਦਿਵਿਆਂਗਜਨ (ਗੂੰਗੇ ਤੇ ਬੋਲੇ),

**5. Reservation/ਰਾਖਵਾਂਕਰਨ ਸਬੰਧੀ ਮਹੱਤਵਪੂਰਨ ਹਦਾਇਤਾਂ**:-

(I) ਉਮੀਦਵਾਰ ਸ਼੍ਰੇਣੀ ਅਤੇ ਇਸਦੇ ਕੋਡ ਦਾ ਧਿਆਨ ਰੱਖਦੇ ਹੋਏ ਆਨਲਾਈਨ ਫਾਰਮ ਸੁਚੇਤ ਹੋ ਕੇ ਭਰਨ ਕਿਉਂਕਿ **ਕਿਸੇ ਵੀ ਪੜਾਅ (Stage) ਤੇ ਸ਼੍ਰੇਣੀ ਅਤੇ ਸ਼੍ਰੇਣੀ-ਕੋਡ ਤਬਦੀਲ ਨਹੀਂ ਕੀਤਾ ਜਾਵੇਗਾ।**

(II) ਰਾਖਵਾਂਕਰਨ ਦਾ ਲਾਭ ਕੇਵਲ ਪੰਜਾਬ ਦੇ ਵਸਨੀਕਾਂ ਨੂੰ ਹੀ ਮਿਲਣਯੋਗ ਹੋਵੇਗਾ, ਇਸ ਲਈ ਸ਼੍ਰੇਣੀ ਅਤੇ ਸ਼੍ਰੇਣੀ-ਕੋਡ ਭਰਨ ਸਮੇਂ ਉਮੀਦਵਾਰ ਇਸ ਗੱਲ ਦਾ ਧਿਆਨ ਰੱਖਣ। ਉਮੀਦਵਾਰ ਵੱਲੋਂ ਆਨਲਾਈਨ ਭਰੇ ਗਏ ਫਾਰਮ ਵਿੱਚ ਦਰਜ ਸ਼੍ਰੇਣੀ ਅਤੇ ਸ਼੍ਰੇਣੀ-ਕੋਡ ਦੇ ਆਧਾਰ ਤੇ ਹੀ ਉਸਦੀ ਪਾਤਰਤਾ ਨੂੰ ਵਿਚਾਰਿਆ ਜਾਵੇਗਾ।

(III) ਰਾਖਵਾਂਕਰਨ ਦਾ ਲਾਭ ਲੈਣ ਲਈ ਉਮੀਦਵਾਰ ਪੰਜਾਬ ਦਾ ਵਸਨੀਕ ਹੋਣ ਸੰਬੰਧੀ ਸਰਟੀਫਿਕੇਟ (Domicile Certificate/Residence) ਅਪਲੋਡ/ਪੇਸ਼ ਕਰੇਗਾ। ਇਹ ਸਰਟੀਫਿਕੇਟ ਹਰ ਉਮੀਦਵਾਰ (ਇਸਤਰੀ ਜਾਂ ਪੁਰਸ਼) ਵੱਲੋਂ ਚਾਹੇ ਉਹ ਕਿਸੇ ਵੀ ਸ਼੍ਰੇਣੀ ਨਾਲ ਸੰਬੰਧ ਰੱਖਦਾ

ਹੋਵੇ, ਪੇਸ਼ ਕਰਨਾ ਲਾਜ਼ਮੀ ਹੈ।) ਇਹ ਸਰਟੀਫਿਕੇਟ ਅਪਲੋਡ/ਪੇਸ਼ ਕਰਨ ਸਮੇਂ 5 ਸਾਲ ਤੋਂ ਪੁਰਾਣਾ ਨਹੀਂ ਹੋਣਾ ਚਾਹੀਦਾ ਹੈ।

(IV) ਅਨੁਸੂਚਿਤ ਜਾਤੀ/ਪੱਛੜੀ ਸ਼੍ਰੇਣੀ/ਸਾਬਕਾ ਫੌਜੀਆਂ/ਖਿਡਾਰੀ/ਦਿਵਿਆਂਗਜਨ/ਆਰਥਿਕ ਤੌਰ ਤੇ ਕਮਜ਼ੋਰ ਵਰਗ ਦਾ ਸਰਟੀਫਿਕੇਟ ਪੰਜਾਬ ਸਰਕਾਰ ਦੀਆਂ ਪ੍ਰਚੱਲਤ ਹਦਾਇਤਾਂ ਅਨੁਸਾਰ ਹੋਣਾ ਲਾਜ਼ਮੀ ਹੈ।

(V) ਪੰਜਾਬ ਸਰਕਾਰ ਦੇ Notification titled as The Punjab Civil Services (Reservation of Posts for Women) Rules, 2020 ਨੰਬਰ G.S.R. 87/Const/Art.309 and 15/2020 ਮਿਤੀ 21/10/2020 ਅਤੇ ਸਮੇਂ ਸਮੇਂ ਤੇ ਜਾਰੀ ਸੋਧਾਂ ਮੁਤਾਬਕ ਇਸਤਰੀ ਉਮੀਦਵਾਰਾਂ ਨੂੰ ਰਾਖਵਾਂਕਰਨ ਦਾ ਲਾਭ ਦਿੱਤਾ ਜਾਵੇਗਾ।

(VI) ਵਿਮੁਕਤ ਜਾਤੀ ਨਾਲ ਸਬੰਧਤ ਉਮੀਦਵਾਰਾਂ ਤੇ ਪੰਜਾਬ ਸਰਕਾਰ ਵੱਲੋਂ ਸਮੇਂ ਸਮੇਂ ਤੇ ਜਾਰੀ ਹਦਾਇਤਾਂ ਲਾਗੂ ਹੋਣਗੀਆਂ।

(VII) ਉਮੀਦਵਾਰ ਕਾਉਂਸਲਿੰਗ ਸਮੇਂ ਅਤੇ ਹੋਰ ਕਿਸੇ ਵੀ ਪੜਾਅ (Stage) ਤੇ ਬੋਰਡ ਦੀ ਮੰਗ ਅਨੁਸਾਰ ਆਪਣੀ ਸ਼੍ਰੇਣੀ ਨਾਲ ਸਬੰਧਤ ਹਰ ਤਰ੍ਹਾਂ ਦੇ ਪੁਖਤਾ (Valid) ਸਰਟੀਫਿਕੇਟ ਸਬੂਤ ਵਜੋਂ ਪੇਸ਼ ਕਰੇਗਾ। ਕਾਉਂਸਲਿੰਗ ਸਮੇਂ ਕਿਸੇ ਵੀ ਲੋੜੀਂਦੇ ਦਸਤਾਵੇਜ ਦੀ ਅਣਹੋਂਦ ਵਿੱਚ ਉਮੀਦਵਾਰ ਨੂੰ ਉਪਰੋਕਤ ਅਸਾਮੀਆਂ ਲਈ ਨਹੀਂ ਵਿਚਾਰਿਆ ਜਾਵੇਗਾ ਅਤੇ ਮੈਰਿਟ ਲਿਸਟ ਵਿੱਚ ਮੌਜੂਦ ਅਗਲੇ ਯੋਗ ਉਮੀਦਵਾਰ ਨੂੰ ਵਿਚਾਰਦੇ ਹੋਏ ਉਸਦਾ ਨਾਮ ਸਬੰਧਤ ਵਿਭਾਗ ਨੂੰ ਸਿਫਾਰਸ਼ ਕਰ ਦਿੱਤਾ ਜਵੇਗਾ।

(VIII) ਸਾਬਕਾ ਫੌਜ਼ੀ ਸ਼੍ਰੇਣੀ ਦੀਆਂ ਅਸਾਮੀਆਂ ਪਹਿਲਾਂ ਸਾਬਕਾ ਫੌਜ਼ੀ (ਖੁਦ) (ESM Self) ਉਮੀਦਵਾਰਾਂ ਵਿੱਚੋਂ ਭਰੀਆਂ ਜਾਣਗੀਆਂ। ਸਾਬਕਾ ਫੌਜੀ (ਖੁਦ) ਉਮੀਦਵਾਰ ਉਪਲਬਧ ਨਾ ਹੋਣ ਦੀ ਸਥਿਤੀ ਵਿੱਚ ਹੀ ਇਹ ਅਸਾਮੀਆਂ ਸਾਬਕਾ ਫੌਜੀ (ਆਸ਼ਰਿਤ) ਉਮੀਦਵਾਰਾਂ ਵਿੱਚੋਂ ਭਰੀਆਂ ਜਾਣਗੀਆਂ।

(IX) ਪੰਜਾਬ ਸਰਕਾਰ, ਰੱਖਿਆ ਸੇਵਾਵਾਂ ਭਲਾਈ ਵਿਭਾਗ ਦੇ ਨੋਟੀਫਿਕੇਸ਼ਨ ਮਿਤੀ 08/05/2020 ਮੁਤਾਬਿਕ ਜੇਕਰ ਕਿਸੇ ਅਸਾਮੀ ਵਿਰੁੱਧ ਸਾਬਕਾ ਫੌਜ਼ੀ (ਖੁਦ) ਜਾਂ ਸਾਬਕਾ ਫੌਜ਼ੀ (ਆਸ਼ਰਿਤ) ਉਮੀਦਵਾਰ ਉਪਲੱਬਧ ਨਹੀਂ ਹੁੰਦਾ ਤਾਂ ਇਹ ਅਸਾਮੀ ਹੇਠ ਲਿਖੇ ਨਿਯਮ ਅਨੁਸਾਰ ਭਰੀ ਜਾਵੇਗੀ :-

In the Punjab Recruitment of Ex-Servicemen Rules, 1982, in rule 4, in sub-rule (1), for the existing third proviso, the following proviso shall be substituted, namely:-

"Provided further that when an ex-serviceman is not available for recruitment against a reserved vacancy and further no wife or dependent child of an Ex-serviceman is available for recruitment against a reserved vacancy, such shall be reserved to be filled in by recruitment of the grand child of a Gallantry Award Winner,

in case the benefit of reservation has not been availed of by any of the children or dependents of such winner or by the winner himself subject to the conditions specified in the second provision."

**6. ਵਿੱਦਿਅਕ ਯੋਗਤਾ/ਤਕਨੀਕੀ ਯੋਗਤਾ :-**

ਉਮੀਦਵਾਰਾਂ ਦੀ ਵਿਦਿਅਕ ਯੋਗਤਾ/ਤਕਨੀਕੀ ਯੋਗਤਾ ਸਬੰਧਤ ਵਿਭਾਗਾਂ ਤੋਂ ਪ੍ਰਾਪਤ ਮੰਗ ਮੁਤਾਬਕ ਹੇਠ ਅਨੁਸਾਰ ਹੋਣੀ ਲਾਜ਼ਮੀ ਹੈ :-

| ਲੜੀ ਨੰ. | ਵਿਭਾਗ ਦਾ ਨਾਮ | ਅਸਾਮੀ ਦਾ ਨਾਮ | ਵਿਦਿਅਕ ਯੋਗਤਾ/ਤਕਨੀਕੀ ਯੋਗਤਾ |
|---|---|---|---|
| 1 | ਪੇਂਡੂ ਵਿਕਾਸ ਅਤੇ ਪੰਚਾਇਤ ਵਿਭਾਗ | ਡਰਾਈਵਰ | a) Should have passed the Matric Standard Examination;<br>b) Should possess a valid driving licence for light and heavy vehicles; and<br>c) Should have an experience of driving for a minimum period fo three year. |
| 2 | ਡਾਇਰੈਕਟੋਰੇਟ, ਰੋਜ਼ਗਾਰ ਉਤਪਤੀ, ਹੁਨਰ ਵਿਕਾਸ ਅਤੇ ਸਿਖਲਾਈ ਵਿਭਾਗ | ਕਲਰਕ (ਲੀਗਲ) | i) Should be a law Graduate from a recognized university or an institution;<br>ii) Should qualify a competitive test to be held by the recruiting authority; and<br>iii) Should qualify a test in Punjabi and English typing to be held by the recruiting authority at the speed of thirty words per minute or at such speed as may be specified by the Punjab Government from time to time and other conditions applicable as per the Punjab Civil Services (General and Common Conditions of Service) Rules, 1994, as amended from time to time. |
| 3 | ਡਾਇਰੈਕਟੋਰੇਟ, ਰੋਜ਼ਗਾਰ ਉਤਪਤੀ, ਹੁਨਰ ਵਿਕਾਸ ਅਤੇ ਸਿਖਲਾਈ ਵਿਭਾਗ | ਕਲਰਕ (ਅਕਾਊਂਟਸ) | i) Should possess a Graduation Degree from a recognized university or an institution with atleast one subject of Statistics or Mathematics or Accounts with passing of Punjabi up to Matric standard;<br>ii) Should qualify a competitive test to be held by the recruiting authority; and<br>iii) Should qualify test in Punjabi and English typing to be held by the recruiting authority at the speed of thirty words per minute or at such speed as may be specified by the Punjab Government from time to time and other conditions applicable as per the Punjab Civil Services (General and Common Conditions of Service) Rules, 1994, as amended from time to time. |
| 4 | ਡਾਇਰੈਕਟੋਰੇਟ, ਰੱਖਿਆ ਸੇਵਾਵਾਂ ਭਲਾਈ ਪੰਜਾਬ | ਕਲਰਕ (ਲੀਗਲ) | i) Should be a law Graduate from a recognized university or an institution;<br>ii) Should qualify a competitive test to be conducted by the recruiting authority; and<br>iii) Should qualify a test in Punjabi and English typing to be held by the recruiting authority at the speed of thirty words per minute or at such speed as may be specified by the Punjab Government from time to time. and<br>(iv) should fulfil other conditions specified in the Punjab Civil Services (General and Common Conditions of Service) Rules, 1994, as amended from time to time. |

| | | | |
|---|---|---|---|
| 5 | ਆਬਕਾਰੀ ਤੇ ਕਰ ਵਿਭਾਗ (ਖੇਤਰੀ ਦਫਤਰ) | ਕਲਰਕ (ਅਕਾਉਂਟਸ) | I Should possess a degree of commerce from a recognized University or Institution;<br>II Qualifies a competitive test to be held by the recruiting authority; and<br>III Qualifies a test in Punjabi and English typing to be held by the recruiting authority at the speed of thirty words per minute or at such speed as may be specified by the Punjab Government from time to time and other conditions applicable as per the Punjab Civil Services (General and Common Conditions of Service) Rules, 1994 as amended time to time. |
| 6 | ਆਬਕਾਰੀ ਤੇ ਕਰ ਵਿਭਾਗ (ਖੇਤਰੀ ਦਫਤਰ) | ਕਲਰਕ (ਲੀਗਲ) | i) Should possess a degree in Law from a recongized university or an institution;<br>ii) Qualifies a competitive test to be held by the recruiting authority; and<br>iii) Qualifies a test in Punjabi and English typing to be held by the recruiting authority at the speed of thirty words per minute or at such speed as may be specified by the Punjab Government from time to time.<br>and other conditions applicable as per the Punjab Civil Services (General and Common Conditions of Service) Rules, 1994, as amended from time to time. |
| 7 | ਆਬਕਾਰੀ ਤੇ ਕਰ ਵਿਭਾਗ (ਮੁੱਖ ਦਫਤਰ) | ਕਲਰਕ (ਆਈ.ਟੀ.) | i. Should be a Graduate in Computer Application/information Technology/Computer Science/Computer Engineering/Computer Technology from a recongized University or Institution;<br><br>ii. Qualifies a competitive test to be held by the recruiting authority; and<br><br>iii. Qualifies a test in Punjabi and English typing to be held by the recruiting authority at the speed of thirty words per minute or at such speed as may be specified by the Punjab Government from time to time and other conditions applicable as per the Punjab Civil Services (General and Common Conditions of Service) Rules, 1994, as amended from time to time. |
| 8 | ਦਫਤਰ ਕਿਰਤ ਕਮਿਸ਼ਨਰ, ਪੰਜਾਬ | ਕਲਰਕ (ਆਈ.ਟੀ.) | (i) Should be B.Tech in Computer Science or B.SC. (information Technology) or Bachelor of Computer Application or a Graduate having Post Graduate Diploma in Computer Application, from a recognized university or an institution or any other equivalent or higher qualification in the relevant discipline; and<br><br>(ii) Qualifies a competitive test to be held by the recruiting authority; and<br><br>(iii) Qualifies a test in Punjabi and English typing to be held by the recruiting authority at the speed of of thirty words per minute or at such speed as may be specified by the Punjab Government from time to time and other conditions applicable as per the Punjab Civil Services (General and Common Conditions of Service) Rules, 1994, as amended from time to time. |

| | | | |
|---|---|---|---|
| 9 | ਦਫਤਰ ਕਿਰਤ ਕਮਿਸ਼ਨਰ, ਪੰਜਾਬ | ਕਲਰਕ (ਲੀਗਲ) | i) Should be a law Graduate from a recognized university or an institution;<br>ii) Qualifies a competitive test to be held by the recruiting authority; and<br>iii) Qualifies a test in Punjabi and English typing to be held by the recruiting authority at the speed of thirty words per minute or at such speed as may be specified by the Punjab Government from time to time and other conditions applicable as pe the Punjab Civil Services (General and Common Conditions of Service) Rules, 1994, as amended from time to time. |
| 10 | ਦਫਤਰ ਕਿਰਤ ਕਮਿਸ਼ਨਰ, ਪੰਜਾਬ | ਟਰਾਂਸਲੇਟਰ | Should possess degree of Graduation from a recognized university or an institution; and<br><br>Should possess at least one hundred and twenty hours course with hands on experience in the use of Personal Computer or Information Technology in Office Productivity applications or Desktop Publishing applications from a Government recognized institution or a reputed institution, which is ISO 9001, certified; or<br><br>Should Possess a Computer Information Technology course equivalent to 'O' level certificate of Department of Electronics Acreditation of Computer Courses (DoEACC) of Government of India. |
| 11 | ਸ਼ਹਿਰੀ ਹਵਾਬਾਜੀ ਵਿਭਾਗ, ਪੰਜਾਬ | ਕਲਰਕ (ਆਈ.ਟੀ.) | (i) Should possess adegree in B.E. or B.Tech in Information Technology or Electronics and Communication or Computer Science from a recognized university or institution with minimum of 50% marks in aggregate in each case; or<br><br>Should possess the Bachelor's Degree in Computer Application from a recognized university or institution with minimum of 50% marks in aggregate and should have an experience of two years in the filed of Information and Communication Technology;<br><br>(ii) Should have passed Punjabi subject at the Matriculation Level; and<br><br>(iii) Qualifies a typing test in Punjabi and English to be held by the recruiting authority at the speed of thirty words per minute or at such speed as may be specified by the Punjab Government from time to time and other conditions applicable as per the Punjab Civil Services (General and Common Conditions of Service) Rules, 1994, as amended from time to time. |
| 12 | ਡਾਇਰੈਕਟੋਰੇਟ ਆਫ ਸਭਿਆਚਾਰਕ ਮਾਮਲੇ, ਪੁਰਾਤੱਤਵ ਤੇ ਅਜਾਇਬਘਰ ਵਿਭਾਗ, ਪੰਜਾਬ | ਫੀਲਡ ਆਰਟਿਸਟ | Should be Graduate in Music or Drama or Dance from a recognized university. |

| | | | |
|---|---|---|---|
| 13 | ਡਾਇਰੈਕਟੋਰੇਟ ਆਫ ਸਭਿਆਚਾਰਕ ਮਾਮਲੇ, ਪੁਰਾਤੱਤਵ ਤੇ ਅਜਾਇਬਘਰ ਵਿਭਾਗ, ਪੰਜਾਬ | ਕਲਰਕ (ਲੀਗਲ) | i) Should be a law Graduate from a recognized university.<br>ii) Qualifies a competitive test to be held by the recruiting authority; and<br>iii) Qualifies a test in Punjabi and English typing to be held by the recruiting authority at the speed of thirty words per minute or at such speed as may be specified by the Punjab Government from time to time and other conditions applicable as per the Punjab Civil Services (General and Common Conditions of Service) Rules, 1994, as amended from time to time. |
| 14 | ਡਾਇਰੈਕਟਟਰ, ਡੇਅਰੀ ਵਿਕਾਸ ਵਿਭਾਗ, ਪੰਜਾਬ | ਕਲਰਕ (ਲੀਗਲ) | i) Should be a law Graduate from a recognized university.<br>ii) Qualifies a competitive test to be held by the recruiting authority; and<br>iii) Qualifies a type test in Punjabi and English typing to be held by the recruiting authority at the speed of thirty words per minute or at such speed as may be specified by the Punjab Government from time to time and other conditions applicable as per the Punjab Civil Services (General and Common Condition of Service) Rules, 1994, as amended from time to time. |

ਨੋਟ :- (I) ਉਪਰ ਦਰਸਾਈਆਂ ਵੱਖ ਵੱਖ ਅਸਾਮੀਆਂ ਲਈ Punjab Civil Services (General and Common Conditions of Service) Rules, 1994, ਦੇ ਨਿਯਮ 17 ਤਹਿਤ ਦਸਵੀਂ ਪੱਧਰ ਤੇ ਪੰਜਾਬੀ ਜਾਂ ਇਸਦੇ ਬਰਾਬਰ ਦੀ ਯੋਗਤਾ ਪਾਸ ਕੀਤੀ ਹੋਣੀ ਲਾਜ਼ਮੀ ਹੈ। ਇਸ ਨਿਯਮ ਦੀ ਇਬਾਰਤ ਹੇਠ ਅਨੁਸਾਰ ਹੈ:-

"17.Knowledge of Punjabi Language- No person shall be appointed to any post in any service by direct appointment unless he has passed Matriculation examination with Punjabi as one of the compulsory or elective subjects or any other equivalent examination in Punjabi language which may be specified by the Government from time to time."

(II) ਪੰਜਾਬ ਸਰਕਾਰ ਦੇ ਨੋਟੀਫਿਕੇਸ਼ਨ ਨੰ.G.S.R.7/Const./Art.309/Amd.(23)/2026 ਮਿਤੀ 21.01.2026 ਮੁਤਾਬਕ ਉਮੀਦਵਾਰ ਆਨਲਾਈਨ ਅਪਲਾਈ ਕਰਨ ਦੀ ਆਖਰੀ ਮਿਤੀ ਤੋਂ ਪਹਿਲਾਂ ਲੋੜੀਂਦੀਆਂ ਵਿਦਿਅਕ ਯੋਗਤਾਵਾਂ ਪੂਰੀਆਂ ਕਰਦਾ ਹੋਵੇ। ਇਸ ਨਿਯਮ ਦੀ ਇਬਾਰਤ ਹੇਠ ਅਨੁਸਾਰ ਹੈ:

"The cut-off date to determine the minimum educational and other qualifications, unless otherwise specifically provided in the relevant rules, shall be the last date for submission of application forms."

**7. <u>ਉਮਰ ਸੀਮਾ</u>** :-

ਉਪਰੋਕਤ ਅਸਾਮੀਆਂ ਲਈ ਉਮੀਦਵਾਰਾਂ ਦੀ ਉਮਰ ਸੀਮਾ ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਮਿਤੀ 01.01.2026 ਨੂੰ ਹੇਠ ਅਨੁਸਾਰ ਹੋਣੀ ਚਾਹੀਦੀ ਹੈ:-

(i) ਕਿਸੇ ਵੀ ਸ਼੍ਰੇਣੀ ਦੇ ਉਮੀਦਵਾਰ ਦੀ ਉਮਰ 18 ਸਾਲ ਤੋਂ ਘੱਟ ਨਹੀਂ ਹੋਣੀ ਚਾਹੀਦੀ।

(ii) ਜਨਰਲ ਸ਼੍ਰੇਣੀ ਦੇ ਉਮੀਦਵਾਰਾਂ ਦੀ ਉਪਰਲੀ ਉਮਰ 37 ਸਾਲ ਤੋਂ ਵੱਧ ਨਹੀਂ ਹੋਣੀ ਚਾਹੀਦੀ।

(iii) ਪੰਜਾਬ ਰਾਜ ਦੇ ਅਨੁਸੂਚਿਤ ਜਾਤੀ ਅਤੇ ਪੱਛੜੀ ਸ਼੍ਰੇਣੀ ਦੇ ਵਸਨੀਕ ਉਮੀਦਵਾਰਾਂ ਦੀ ਵੱਧ ਤੋਂ ਵੱਧ ਉਮਰ ਦੀ ਉਪਰਲੀ ਸੀਮਾ 42 ਸਾਲ ਹੋਵੇਗੀ।

(iv) ਰਾਜ ਅਤੇ ਕੇਂਦਰੀ ਸਰਕਾਰ ਦੇ ਕਰਮਚਾਰੀਆਂ ਲਈ ਉਮਰ ਦੀ ਉਪਰਲੀ ਸੀਮਾਂ ਵਿੱਚ ਛੋਟ ਦਿੰਦੇ ਹੋਏ ਵੱਧ ਤੋਂ ਵੱਧ ਉਮਰ ਸੀਮਾ 45 ਸਾਲ ਹੋਵੇਗੀ।

(v) ਪੰਜਾਬ ਦੇ ਵਸਨੀਕ ਸਾਬਕਾ ਫੌਜੀਆਂ ਦੇ ਕੇਸ ਵਿੱਚ ਉਮਰ ਦੀ ਉਪਰਲੀ ਸੀਮਾ Punjab Recruitment of Ex-Servicemen Rules, 1982 ਵਿੱਚ ਸਮੇਂ-ਸਮੇਂ ਹੋਈਆਂ ਸੋਧਾਂ ਅਨੁਸਾਰ ਹੋਵੇਗੀ। ਇਹ ਉਮਰ ਦੀ ਉਪਰਲੀ ਸੀਮਾ ਉਨ੍ਹਾਂ ਦੀ ਫੌਜ ਵਿੱਚ ਕੀਤੀ ਸੇਵਾ ਦਾ ਸਮਾਂ ਉਨ੍ਹਾਂ ਦੀ ਉਮਰ ਵਿੱਚੋਂ ਘਟਾਉਣ ਤੋਂ ਬਾਅਦ ਬਾਕੀ ਬਚੀ ਉਮਰ, ਜੇਕਰ ਸੇਵਾ ਰੂਲਾਂ ਅਨੁਸਾਰ ਅਸਾਮੀ ਦੀ ਉਪਰਲੀ ਸੀਮਾ ਤੋਂ 3 ਸਾਲ ਤੋਂ ਵੱਧ ਨਹੀਂ ਹੋਵੇਗੀ ਤਾਂ ਮੰਨਿਆ ਜਾਵੇਗਾ ਕਿ ਉਹ ਉਮਰ ਦੀ ਉਪਰਲੀ ਸੀਮਾ ਦੀਆਂ ਸ਼ਰਤਾਂ ਪੂਰੀਆਂ ਕਰਦਾ ਹੈ।

(vi) ਪੰਜਾਬ ਦੇ ਵਸਨੀਕ ਦਿਵਿਆਂਗ ਉਮੀਦਵਾਰਾਂ ਲਈ ਉਮਰ ਦੀ ਉਪਰਲੀ ਸੀਮਾ ਵਿੱਚ 10 ਸਾਲ ਦੀ ਛੋਟ ਦਿੰਦੇ ਹੋਏ ਵੱਧ ਤੋਂ ਵੱਧ ਉਮਰ ਸੀਮਾ 47 ਸਾਲ ਹੋਵੇਗੀ।

(vii) The upper age limit for widows, divorcees and certain other categories of married women as per instructions issued by the Government of Punjab vide letter No. 1/50/83-5PP(1368)/3454 dated 23.04.1984 will be relaxed up to 40 years.

**ਨੋਟ:-** **ਰਾਜ ਅਤੇ ਕੇਂਦਰੀ ਸਰਕਾਰ ਦੇ ਕਰਮਚਾਰੀਆਂ ਨੂੰ ਉਮਰ ਦੀ ਉਪਰਲੀ ਸੀਮਾਂ ਵਿੱਚ ਛੋਟ ਲੈਣ ਲਈ ਆਪਣੇ ਵਿਭਾਗ ਤੋਂ NOC ਲੈ ਕੇ ਕਾਉਂਸਲਿੰਗ ਸਮੇਂ ਪੇਸ਼ ਕਰਨਾ ਪਵੇਗਾ।**

## 8. ਵੱਖ ਵੱਖ ਵਿਭਾਗਾਂ ਤੋਂ ਪ੍ਰਾਪਤ ਅਸਾਮੀਵਾਰ ਤਨਖਾਹ ਦਿਆਂ ਦਰ੍ਹਾ (Pay-Scale) ਅਤੇ ਭੱਤੇ ਹੇਠ ਅਨੁਸਾਰ ਹਨ:-

| ਲੜੀ ਨੰ. | ਵਿਭਾਗ ਦਾ ਨਾਮ | ਅਸਾਮੀ ਦਾ ਨਾਮ | ਤਨਖਾਹ ਸਕੇਲ ਅਤੇ ਭੱਤੇ 7ਵੇਂ ਕੇਂਦਰੀ ਤਨਖਾਹ ਸਕੇਲ ਅਨੁਸਾਰ |
|---|---|---|---|
| 1 | ਪੇਂਡੂ ਵਿਕਾਸ ਅਤੇ ਪੰਚਾਇਤ ਵਿਭਾਗ, ਪੰਜਾਬ | ਡਰਾਈਵਰ | 21700-69100 (Level 3) |
| 2 | ਡਾਇਰੈਕਟੋਰੇਟ, ਰੋਜ਼ਗਾਰ ਉਤਪਤੀ, ਹੁਨਰ ਵਿਕਾਸ ਅਤੇ ਸਿਖਲਾਈ ਵਿਭਾਗ | ਕਲਰਕ (ਲੀਗਲ) | 19900 |
| 3 | ਡਾਇਰੈਕਟੋਰੇਟ, ਰੋਜ਼ਗਾਰ ਉਤਪਤੀ, ਹੁਨਰ ਵਿਕਾਸ ਅਤੇ ਸਿਖਲਾਈ ਵਿਭਾਗ | ਕਲਰਕ (ਅਕਾਉਂਟਸ) | 19900 |
| 4 | ਡਾਇਰੈਕਟੋਰੇਟ, ਰੱਖਿਆ ਸੇਵਾਵਾਂ ਭਲਾਈ ਪੰਜਾਬ | ਕਲਰਕ (ਲੀਗਲ) | 19900 (level-5) |
| 5 | ਆਬਕਾਰੀ ਤੇ ਕਰ ਵਿਭਾਗ (ਖੇਤਰੀ ਦਫਤਰ) | ਕਲਰਕ (ਅਕਾਉਂਟਸ) | 19900 (Level-5) |
| 6 | ਆਬਕਾਰੀ ਤੇ ਕਰ ਵਿਭਾਗ (ਖੇਤਰੀ ਦਫਤਰ) | ਕਲਰਕ (ਲੀਗਲ) | 19900 (Level-5) |
| 7 | ਆਬਕਾਰੀ ਤੇ ਕਰ ਵਿਭਾਗ (ਮੁੱਖ ਦਫਤਰ) | ਕਲਰਕ (ਆਈ.ਟੀ.) | Level-2 Pay 19900 |
| 8 | ਦਫਤਰ ਕਿਰਤ ਕਮਿਸ਼ਨਰ, ਪੰਜਾਬ | ਕਲਰਕ (ਆਈ.ਟੀ.) | Level-2, Pay 19900 |
| 9 | ਦਫਤਰ ਕਿਰਤ ਕਮਿਸ਼ਨਰ, ਪੰਜਾਬ | ਕਲਰਕ (ਲੀਗਲ) | Level-2, Pay 19900 |
| 10 | ਦਫਤਰ ਕਿਰਤ ਕਮਿਸ਼ਨਰ, ਪੰਜਾਬ | ਟਰਾਂਸਲੇਟਰ | Level-2, Pay 19900 |
| 11 | ਸ਼ਹਿਰੀ ਹਵਾਬਾਜੀ ਵਿਭਾਗ, ਪੰਜਾਬ | ਕਲਰਕ (ਆਈ.ਟੀ.) | 19900 (Level-2) |

| | | | |
|---|---|---|---|
| 12 | ਡਾਇਰੈਕਟੋਰੇਟ ਆਫ ਸਭਿਆਚਾਰਕ ਮਾਮਲੇ, ਪੁਰਾਤੱਤਵ ਤੇ ਅਜਾਇਬਘਰ ਵਿਭਾਗ, ਪੰਜਾਬ | ਫੀਲਡ ਆਰਟਿਸਟ | 25500 (Level-4) |
| 13 | ਡਾਇਰੈਕਟੋਰੇਟ ਆਫ ਸਭਿਆਚਾਰਕ ਮਾਮਲੇ, ਪੁਰਾਤੱਤਵ ਤੇ ਅਜਾਇਬਘਰ ਵਿਭਾਗ, ਪੰਜਾਬ | ਕਲਰਕ (ਲੀਗਲ) | 19900 (Level-2) |
| 14 | ਡਾਇਰੈਕਟਟਰ, ਡੇਅਰੀ ਵਿਕਾਸ ਵਿਭਾਗ, ਪੰਜਾਬ | ਕਲਰਕ (ਲੀਗਲ) | 19900 |

ਤਨਖਾਲ ਸਕੇਲ ਅਤੇ ਭੱਤਿਆਂ ਸਬੰਧੀ ਵਿੱਤ ਵਿਭਾਗ (ਵਿੱਤ ਪ੍ਰਸੋਨਲ-1 ਸ਼ਾਖਾ) ਦੇ ਪੱਤਰ ਨੰ: 7/204/2012-4FP1/66-72, ਮਿਤੀ 15/01/2015 ਅਤੇ ਪੱਤਰ ਨੰ: 07/204/2015-4FP1/853793 ਮਿਤੀ 04/10/2016 ਅਤੇ ਇਸ ਸਬੰਧੀ ਸਮੇਂ-ਸਮੇਂ ਤੇ ਜਾਰੀ ਹੋਰ ਹਦਾਇਤਾਂ ਲਾਗੂ ਹੋਣਗੀਆਂ।

9. **ਫੀਸ ਸਬੰਧੀ ਵੇਰਵਾ**:-

| | | |
|---|---|---|
| ਆਮ ਵਰਗ (General Category)/ਖਿਡਾਰੀ | - | 1000/- ਰੁਪਏ |
| ਐਸ.ਸੀ.(S.C)/ਬੀ.ਸੀ.(BC)/ਆਰਥਿਕ ਤੌਰ ਤੇ ਕਮਜ਼ੋਰ ਵਰਗ (EWS) | - | 250/- ਰੁਪਏ |
| ਸਾਬਕਾ ਫੌਜੀ ਅਤੇ ਆਸ਼ਰਿਤ (Ex-Servicemen & Dependent) | - | 200/- ਰੁਪਏ |
| ਦਿਵਿਆਂਗ (Physical Handicapped) | - | 500/- ਰੁਪਏ |

**ਨੋਟ: ਉਮੀਦਵਾਰ ਦੁਆਰਾ ਇੱਕ ਵਾਰ ਅਦਾ ਕੀਤੀ ਫੀਸ ਕਿਸੇ ਵੀ ਸਥਿਤੀ ਵਿੱਚ ਵਾਪਸ ਨਹੀਂ ਹੋਵੇਗੀ।**

**10.** ਵੱਖ ਵੱਖ ਵਿਭਾਗਾਂ ਦੀਆਂ ਵੱਖ ਵੱਖ ਅਸਾਮੀਆਂ ਸਬੰਧੀ **ਚੋਣ ਵਿਧੀ/ਪ੍ਰੀਖਿਆ ਸੰਬੰਧੀ ਜਾਣਕਾਰੀ** Annexure-B ਤੇ ਨੱਥੀ ਹੈ :-

ਨੋਟ:- (ੳ) ਖਿਡਾਰੀ ਕੈਟਾਗਰੀ ਨਾਲ ਸਬੰਧਤ ਉਮੀਦਵਾਰਾਂ ਦੀ ਮੈਰਿਟ ਖੇਡ ਵਿਭਾਗ, ਪੰਜਾਬ ਵੱਲੋਂ ਜਾਰੀ ਕੀਤੇ ਨੋਟੀਫਿਕੇਸ਼ਨ ਮਿਤੀ 09.03.2026 ਅਤੇ ਸਮੇਂ ਸਮੇਂ ਤੇ ਜਾਰੀ ਹਦਾਇਤਾਂ ਅਨੁਸਾਰ ਤੈਅ ਕੀਤੀ ਜਾਵੇਗੀ।

(ਅ) ਕਲਰਕ (ਲੀਗਲ) ਅਤੇ ਕਲਰਕ (ਆਈ.ਟੀ.) ਦੀਆਂ ਅਸਾਮੀਆਂ ਲਈ ਅਪਲਾਈ ਕਰਨ ਵਾਲੇ ਉਮੀਦਵਾਰਾਂ ਵੱਲੋਂ ਵਿਭਾਗ ਦੀ Preference ਬਾਅਦ ਵਿੱਚ ਲਈ ਜਾਵੇਗੀ।

**11. ਉਮੀਦਵਾਰ ਨੂੰ ਅਯੋਗ ਕਰਾਰ ਦੇਣ ਜਾਂ ਪਾਤਰਤਾ ਰੱਦ ਕਰਨ ਦੀਆਂ ਸ਼ਰਤਾਂ**:

ਹੇਠ ਲਿਖੀ ਕਿਸੇ ਵੀ ਸਥਿਤੀ ਵਿੱਚ ਉਮੀਦਵਾਰ ਨੂੰ ਅਯੋਗ ਕਰਾਰ ਦਿੰਦੇ ਹੋਏ ਉਸਦੀ ਪਾਤਰਤਾ ਰੱਦ ਕਰ ਦਿੱਤੀ ਜਾਏਗੀ:

(I) ਪੂਰੀ ਫੀਸ ਪ੍ਰਾਪਤ ਨਾ ਹੋਣਾ ਜਾਂ ਨਿਰਧਾਰਤ ਵਿਧੀ ਅਨੁਸਾਰ ਫੀਸ ਜਮ੍ਹਾਂ ਨਾ ਕਰਵਾਉਣਾ,

(II) ਬਿਨੈ-ਪੱਤਰ ਵਿੱਚ ਅਧੂਰੀ ਜਾਂ ਗਲਤ ਸੂਚਨਾ ਭਰਨਾ,

(III) ਆਨਲਾਈਨ ਅਪਲਾਈ ਕਰਨ ਦੀ ਪੂਰੀ ਪ੍ਰਕੀਰਿਆ ਮੁਕੰਮਲ ਨਾ ਕਰਨਾ,

(IV) ਅਧੀਨ ਸੇਵਾਵਾਂ ਚੋਣ ਬੋਰਡ ਜਾਂ ਕਿਸੇ ਹੋਰ ਸੰਸਥਾ ਵੱਲੋਂ ਅਯੋਗ ਕਰਾਰ ਦਿੱਤਾ ਹੋਣਾ,

(V) ਵਿੱਦਿਅਕ ਯੋਗਤਾ, ਉਮਰ, ਰਾਖਵਾਂਕਰਨ ਜਾਂ ਭਰਤੀ ਦੀਆਂ ਹੋਰ ਸ਼ਰਤਾਂ ਪੂਰੀਆਂ ਨਾ ਹੋਣਾ,

(VI) ਬੋਰਡ ਦੀ ਵੈੱਬਸਾਈਟ https://sssb.punjab.gov.in ਤੇ ਆਨਲਾਈਨ ਅਪਲਾਈ ਕਰਨ ਦੀ ਪ੍ਰਕੀਰਿਆ ਦੀ ਥਾਂ ਕਿਸੇ ਹੋਰ ਪ੍ਰਕੀਰਿਆ ਰਾਹੀਂ ਅਪਲਾਈ ਕਰਨਾ।

(VII) ਜੇਕਰ ਕੋਈ ਉਮੀਦਵਾਰ ਉਕਤ ਅਸਾਮੀਆਂ ਲਈ ਅਜਿਹੀ ਸ਼੍ਰੇਣੀ/ਕੋਡ ਦੇ ਵਿਰੁੱਧ ਅਪਲਾਈ ਕਰਦਾ ਹੈ, ਜਿਸ ਕੈਟਾਗਰੀ ਦੀ ਕੋਈ ਅਸਾਮੀ ਇਸ਼ਤਿਹਾਰ ਵਿੱਚ ਸ਼ਾਮਿਲ ਨਾ ਕੀਤੀ ਹੋਵੇ।

(VIII) ਕੇਂਦਰ/ ਰਾਜ ਸਰਕਾਰ ਅਧੀਨ ਕੰਮ ਕਰਦੇ ਉਮੀਦਵਾਰ ਦੀ ਯੋਗ ਪ੍ਰਣਾਲੀ ਰਾਹੀਂ ਅਰਜ਼ੀ ਪ੍ਰਾਪਤ ਨਾ ਹੋਣਾ।

**12. ਅਪਲਾਈ ਕਰਨ ਦੀ ਵਿਧੀ:**

(I) ਉਮੀਦਵਾਰ ਬੋਰਡ ਦੀ ਵੈਬਸਾਈਟ https://sssb.punjab.gov.in ਤੇ "Apply Online" ਅਧੀਨ ਮੁਹੱਈਆ ਲਿੰਕ ਤੇ ਕਲਿਕ ਕਰਕੇ **ਮਿਤੀ 25-09-2026 ਤੋਂ 19-10-2026 ਤੱਕ** ਕੇਵਲ ਆਨਲਾਈਨ ਹੀ ਅਪਲਾਈ ਕਰ ਸਕਦੇ ਹਨ। ਹੋਰ ਕਿਸੇ ਵੀ ਵਿਧੀ ਰਾਹੀਂ ਪ੍ਰਾਪਤ ਐਪਲੀਕੇਸ਼ਨ ਸਵੀਕਾਰ ਨਹੀਂ ਕੀਤੀ ਜਾਵੇਗੀ ਅਤੇ ਇਹ ਰੱਦ ਸਮਝੀ ਜਾਵੇਗੀ।

(II) **Registration and Login**

ਬੋਰਡ ਦੀ ਵੈਬਸਾਈਟ ਤੇ ਉਪਲਬਧ "Apply Online" ਲਿੰਕ ਤੇ ਕਲਿਕ ਕਰਨ ਉਪਰੰਤ ਉਮੀਦਵਾਰ (ਜਿਨ੍ਹਾਂ ਉਮੀਦਵਾਰਾਂ ਦਾ Login/User ID ਨਹੀਂ ਹੈ) "Registration" ਤੇ ਕਲਿਕ ਕਰਕੇ ਆਪਣੀ ਡਿਟੇਲ ਭਰਨਗੇ ਜਿਸ ਨਾਲ ਉਨ੍ਹਾਂ ਦਾ User ID ਅਤੇ Password generate ਹੋ ਜਾਵੇਗਾ। **ਇਹ User ID ਉਨ੍ਹਾਂ ਵੱਲੋਂ Registration ਕਰਨ ਸਮੇਂ ਭਰੀ ਗਈ Email Id ਹੋਵੇਗੀ।** Registration ਸਫਲ ਹੋਣ ਉਪਰੰਤ ਹੀ User ID (Email ID) ਦੀ ਵਰਤੋਂ ਕਰਕੇ ਆਨਲਾਈਨ ਅਪਲਾਈ ਕੀਤਾ ਜਾ ਸਕੇਗਾ। ਇਸ ਲਈ ਉਮੀਦਵਾਰ ਇਹ User ID/Password ਭਵਿੱਖ ਲਈ ਸੰਭਾਲ ਕੇ ਰੱਖਣ। ਰਜਿਸਟ੍ਰੇਸ਼ਨ ਕਰਨ ਤੋਂ ਬਾਅਦ ਉਮੀਦਵਾਰ ਆਪਣੀ ਰਜਿਸਟਰ ਕੀਤੀ ਜਾਣਕਾਰੀ/User ID (Email ID) ਨਾਲ Login ਕਰਕੇ ਆਨਲਾਈਨ ਅਪਲਾਈ ਕਰਨ ਦੀ ਪ੍ਰਕਿਰਿਆ ਜਾਰੀ ਰੱਖਣ।

**(III) Online Application/ਅਰਜ਼ੀ ਫਾਰਮ ਭਰਨਾ**

ਉਮੀਦਵਾਰ ਸਭ ਤੋਂ ਪਹਿਲਾਂ ਆਪਣੀ ਨਿੱਜੀ, ਵਿਦਿਅਕ ਅਤੇ ਲੋੜੀਂਦੀ ਜਾਣਕਾਰੀ ਸਹੀ ਅਤੇ ਪੂਰੀ ਤਰ੍ਹਾਂ ਭਰਦੇ ਹੋਏ ਆਪਣੀ ਪਾਸਪੋਰਟ ਆਕਾਰ ਦੀ ਫੋਟੋ ਅਪਲੋਡ ਕਰਨਗੇ ਜਾਂ ਕੈਮਰੇ ਰਾਹੀਂ live Photo capture ਕਰਨਗੇ, ਨਾਲ ਹੀ ਦਸਤਖ਼ਤ ਦੀ ਸਕੈਨ ਕੀਤੀ ਕਾਪੀ ਅਪਲੋਡ ਕਰਨਗੇ। ਫੋਟੋ ਅਤੇ ਦਸਤਖ਼ਤ ਤੋਂ ਬਿਨਾਂ ਭੇਜੀਆਂ ਅਰਜ਼ੀਆਂ ਅਧੂਰੀਆਂ ਮੰਨੀਆਂ ਜਾਣਗੀਆਂ ਅਤੇ ਰੱਦ ਕਰ ਦਿੱਤੀਆਂ ਜਾਣਗੀਆਂ। ਇਸ ਉਪਰੰਤ ਉਮੀਦਵਾਰ "Save Draft" ਕਰਨਗੇ ਜਾਂ "Next" ਤੇ ਕਲਿਕ ਕਰਨਗੇ। ਇਸ ਉਪਰੰਤ ਉਮੀਦਵਾਰ "Attach Annexure" ਤੇ ਕਲਿਕ ਕਰਨਗੇ ਅਤੇ ਆਪਣੇ 10ਵੀਂ ਜਮਾਤ ਦਾ ਸਰਟੀਫਿਕੇਟ, ਵਿਦਿਅਕ ਯੋਗਤਾ ਨਾਲ ਸਬੰਧਤ ਸਰਟੀਫਿਕੇਟ ਅਤੇ ਹੋਰ ਲਾਜ਼ਮੀ ਦਸਤਾਵੇਜ਼ਾਂ ਦੀਆਂ ਸਕੈਨ ਕਾਪੀਆਂ ਅਪਲੋਡ ਕਰਨਗੇ । ਦਸਤਾਵੇਜ਼ ਅਪਲੋਡ ਕਰਨ ਤੋਂ ਬਾਅਦ "Save Documents" ਤੇ ਕਲਿੱਕ ਕਰਨਗੇ। ਇਸ ਉਪਰੰਤ "Make payment" ਤੇ ਕਲਿਕ ਕਰਦੇ ਹੋਏ ਉਮੀਦਵਾਰ ਆਨਲਾਈਨ ਫੀਸ ਦਾ ਭੁਗਤਾਨ ਕਰਨਗੇ। ਫੀਸ ਦਾ ਭੁਗਤਾਨ ਕਰਨ ਉਪਰੰਤ "Submit" ਤੇ ਕਲਿੱਕ ਕਰਦੇ ਹੋਏ apply ਕਰਨ ਦੀ ਵਿਧੀ ਨੂੰ ਪੂਰਾ ਕਰਨਗੇ ਅਤੇ ਉਨ੍ਹਾਂ ਦਾ ਪੂਰਾ Application Form screen ਤੇ ਦਿਖਾਈ ਦੇਵੇਗਾ। ਉਮੀਦਵਾਰ ਇਸਦਾ print ਲੈਕੇ ਭਵਿੱਖ ਲਈ ਸੰਭਾਲ ਕੇ ਰੱਖਣਗੇ। ਇਹ Application Form ਫੀਸ ਦੀ ਸਫਲਤਾਪੂਰਵਕ ਅਦਾਇਗੀ ਹੋਣ ਉਪਰੰਤ ਹੀ ਸਵੀਕਾਰ ਕੀਤਾ ਜਾਵੇਗਾ।

(IV) Application Form ਦਾ Draft save ਕਰਨ ਤੋਂ ਬਾਅਦ ਇਹ Draft “Menu>View Status of Application>View Incomplete Application” ਲਿੰਕ ਤੇ ਕਲਿਕ ਕਰਕੇ ਮੁੜ ਦੇਖਿਆ ਜਾ ਸਕਦਾ ਹੈ ਅਤੇ ਫਾਰਮ complete ਕਰਕੇ submit ਕੀਤਾ ਜਾ ਸਕੇਗਾ।

(V) ਉਮੀਦਵਾਰ ਦੁਆਰਾ ਇੱਕ ਵਾਰ Application Form ਸਬਮਿਟ ਕਰਨ ਉਪਰੰਤ ਕਿਸੇ ਵੀ ਹਾਲਤ ਵਿੱਚ ਇਸ ਵਿੱਚ ਕਿਸੇ ਵੀ ਤਰ੍ਹਾਂ ਦੀ ਸੋਧ ਨਹੀਂ ਕੀਤੀ ਜਾ ਸਕੇਗੀ ਅਤੇ ਨਾ ਹੀ ਭਵਿੱਖ ਵਿੱਚ ਸੋਧ ਕਰਨ ਸਬੰਧੀ ਉਮੀਦਵਾਰ ਦੀ ਕੋਈ ਪ੍ਰਤੀਬੇਨਤੀ/ਮੰਗ ਦਫਤਰ ਵੱਲੋਂ ਸਵੀਕਾਰ ਕੀਤੀ ਜਾਏਗੀ।

(VI) ਕਿਸੇ ਵੀ ਉਮੀਦਵਾਰ ਨੂੰ ਫੀਸ ਦੀ ਮੁਆਫੀ/ਛੋਟ ਨਹੀਂ ਦਿੱਤੀ ਜਾਵੇਗੀ ਅਤੇ ਫੀਸ ਦਾ ਭੁਗਤਾਨ ਨਾ ਕਰਨ ਦੀ ਹਾਲਤ ਵਿੱਚ ਉਸਦਾ Application form ਅਧੂਰਾ ਸਮਝਦੇ ਹੋਏ ਸਵੀਕਾਰ ਨਹੀਂ ਕੀਤਾ ਜਾਏਗਾ ਅਤੇ ਉਸਦੀ ਅਰਜੀ/ਪਾਤਰਤਾ ਮੁੱਢ ਤੋਂ ਹੀ ਰੱਦ ਸਮਝੀ ਜਾਵੇਗੀ।

(VII) ਕਿਸੇ ਹੋਰ ਵਿਧੀ ਰਾਹੀਂ ਭੇਜੀ ਗਈ ਅਰਜੀ ਜਾਂ ਕਿਸੇ ਹੋਰ ਵਿਧੀ ਰਾਹੀਂ ਜਮ੍ਹਾਂ ਕਰਵਾਈ ਗਈ ਫੀਸ ਨੂੰ ਵੈਲਿਡ (valid) ਨਹੀਂ ਮੰਨਿਆ ਜਾਵੇਗਾ ਅਤੇ ਅਜਿਹੀ ਅਰਜੀ ਨੂੰ ਸਵੀਕਾਰ ਨਾ ਕਰਦੇ ਹੋਏ ਰੱਦ ਕਰ ਦਿੱਤਾ ਜਾਏਗਾ।

(VIII) Online ਅਦਾ ਕੀਤੀ ਗਈ ਫੀਸ ਦੀ Transaction ਕਿਸੇ ਵੀ ਕਾਰਨ ਕਰਕੇ ਅਸਫਲ ਹੋਣ ਦੀ ਸਥਿਤੀ ਵਿੱਚ ਉਮੀਦਵਾਰ ਦੀ Application ਜਮ੍ਹਾਂ ਨਹੀਂ ਹੋਈ ਮੰਨੀ ਜਾਵੇਗੀ ਅਤੇ ਇੱਕ ਵਾਰ ਅਦਾ ਕੀਤੀ ਫੀਸ ਨਾ-ਮੋੜਨਯੋਗ ਹੋਵੇਗੀ।

(IX) Application form submit ਕਰਨ ਉਪਰੰਤ ਉਮੀਦਵਾਰ ਇਸਦਾ ਪ੍ਰਿੰਟ ਲੈ ਕੇ ਰੱਖਣ।

## 13. <u>ਬਿਨੈਕਾਰਾਂ ਦੇ ਧਿਆਨ ਹਿਤ ਜ਼ਰੂਰੀ ਹਦਾਇਤਾਂ</u>:

(ੳ) ਉਮੀਦਵਾਰ ਸ਼੍ਰੇਣੀ ਅਤੇ ਸ਼੍ਰੇਣੀ ਕੋਡ ਦਾ ਧਿਆਨ ਰੱਖਦੇ ਹੋਏ ਆਨਲਾਈਨ ਫਾਰਮ ਭਰਨ ਕਿਉਂਕਿ ਫਾਰਮ ਭਰਨ ਉਪਰੰਤ ਕਿਸੇ ਵੀ ਪੜਾਅ (Stage) ਤੇ ਸ਼੍ਰੇਣੀ ਅਤੇ ਸ਼੍ਰੇਣੀ ਕੋਡ ਤਬਦੀਲ ਨਹੀਂ ਕੀਤਾ ਜਾ ਸਕੇਗਾ।

(ਅ) ਆਨਲਾਈਨ ਫਾਰਮ ਭਰਨ ਸਮੇਂ ਹੋਈ ਕਿਸੇ ਵੀ ਗਲਤੀ ਲਈ ਉਮੀਦਵਾਰ ਖੁਦ ਜਿੰਮੇਵਾਰ ਹੋਵੇਗਾ। ਉਮੀਦਵਾਰ ਵੱਲੋਂ ਇੱਕ ਵਾਰ ਸਬਮਿਟ ਕੀਤਾ ਗਿਆ ਡਾਟਾ ਕਿਸੇ ਵੀ ਹਾਲਤ ਵਿੱਚ ਬਦਲਣ ਦੀ ਆਗਿਆ ਨਹੀਂ ਹੋਵੇਗੀ।

(ੲ) ਉਮੀਦਵਾਰਾਂ ਨੂੰ ਇਹ ਸਲਾਹ ਦਿੱਤੀ ਜਾਂਦੀ ਹੈ ਕਿ ਉਹ ਇੰਨ੍ਹਾਂ ਅਸਾਮੀਆਂ ਲਈ ਖੁਦ ਆਨਲਾਈਨ ਅਪਲਾਈ ਕਰਨ। ਉਮੀਦਵਾਰ ਫਾਰਮ ਭਰਨ ਲਈ ਕਿਸੇ ਹੋਰ ਵਿਅਕਤੀ/ਸਾਈਬਰ ਕੈਫੇ ਅਟੈਂਡੈਂਟ ਦੀ ਮੱਦਦ ਨਾ ਲਵੇ। ਜੇਕਰ ਫਾਰਮ ਭਰਨ ਵਿੱਚ ਕੋਈ ਗਲਤੀ ਹੋ ਜਾਂਦੀ ਹੈ ਤਾਂ ਫਾਰਮ ਵਿੱਚ ਕੋਈ ਸੋਧ ਨਹੀਂ ਕੀਤੀ ਜਾਵੇਗੀ।

(ਸ) ਆਨਲਾਈਨ ਅਪਲਾਈ ਕਰਨ ਸਮੇਂ ਉਮੀਦਵਾਰ ਲੋੜੀਂਦੇ ਸਰਟੀਫਿਕੇਟ PDF ਫਾਰਮੈਟ ਵਿੱਚ portal ਵਿੱਚ ਦਰਸਾਏ ਅਨੁਸਾਰ ਸਕੈਨ ਕਰਕੇ ਨਾਲ ਹੀ ਅਪਲੋਡ ਕਰਨਗੇ।

(ਹ) ਉਮੀਦਵਾਰਾਂ ਨੂੰ ਇਹ ਹਦਾਇਤ ਕੀਤੀ ਜਾਂਦੀ ਹੈ ਕਿ ਭਰਤੀ ਸਬੰਧੀ ਹਰ ਤਰ੍ਹਾਂ ਦੀ ਜਾਣਕਾਰੀ ਜਿਵੇਂ ਕਿ ਪ੍ਰੀਖਿਆ ਦੀ ਮਿਤੀ/ਸ਼ਡਿਊਲ, Admit Card, ਪ੍ਰੀਖਿਆ ਕੇਂਦਰ ਦੀ ਜਾਣਕਾਰੀ, ਨਤੀਜਾ, ਮੈਰਿਟ ਸੂਚੀ ਜਾਂ ਭਰਤੀ ਪ੍ਰਕੀਰਿਆ ਸਬੰਧੀ ਭਵਿੱਖ ਵਿੱਚ ਸਮੇਂ-ਸਮੇਂ ਤੇ ਜਾਰੀ ਹੋਣ ਵਾਲੀ ਹੋਰ ਜਾਣਕਾਰੀ/ਨੋਟਿਸ/ਤਬਦੀਲੀ ਸਿਰਫ ਬੋਰਡ ਦੀ ਵੈੱਬਸਾਈਟ ਤੇ ਹੀ ਅਪਲੋਡ (upload) ਕੀਤੀ ਜਾਏਗੀ। **ਇਸ ਸਬੰਧੀ ਉਮੀਦਵਾਰਾਂ ਨੂੰ ਵੱਖਰੇ ਅਤੇ ਵਿਅਕਤੀਗਤ ਤੌਰ**

**ਤੇ ਕੋਈ ਸੂਚਨਾ ਨਹੀਂ ਭੇਜੀ ਜਾਏਗੀ**। ਸੋ ਜਦ ਤੱਕ ਭਰਤੀ ਪ੍ਰਕਿਰਿਆ ਮੁੰਕਮਲ ਨਹੀਂ ਹੋ ਜਾਂਦੀ ਉਦੋਂ ਤੱਕ ਉਮੀਦਵਾਰਾਂ ਨੂੰ Latest updates ਲਈ ਬੋਰਡ ਦੀ ਵੈੱਬਸਾਈਟ ਲਾਜ਼ਮੀ ਤੌਰ ਤੇ ਚੈੱਕ ਕਰਦੇ ਰਹਿਣਾ ਹੋਵੇਗਾ। ਅਜਿਹਾ ਨਾ ਕਰਨ ਦੀ ਸਥਿਤੀ ਵਿੱਚ ਉਮੀਦਵਾਰ ਨੂੰ ਹੋਣ ਵਾਲੇ ਕਿਸੇ ਵੀ ਨੁਕਸਾਨ ਦੀ ਜਿੰਮੇਵਾਰੀ ਅਧੀਨ ਸੇਵਾਵਾਂ ਚੋਣ ਬੋਰਡ ਦੀ ਨਹੀਂ ਹੋਵੇਗੀ ਅਤੇ ਨਾ ਹੀ ਇਸ ਸਬੰਧੀ ਕੋਈ ਸੁਣਵਾਈ ਦਾ ਮੌਕਾ ਦਿੱਤਾ ਜਾਏਗਾ।

(ਕ) ਉਮੀਦਵਾਰ ਕਾਉਂਸਲਿੰਗ ਸਮੇਂ ਲੋੜੀਂਦੀ ਵਿੱਦਿਅਕ ਯੋਗਤਾ, ਤਕਨੀਕੀ ਯੋਗਤਾ ਅਤੇ ਰਾਖਵਾਂਕਰਨ ਨਾਲ ਸਬੰਧਤ ਆਪਣੇ ਅਸਲ ਸਰਟੀਫਿਕੇਟ ਅਤੇ ਉਨ੍ਹਾਂ ਦੀਆਂ ਤਸਦੀਕਸ਼ੁਦਾ ਕਾਪੀਆਂ ਪੇਸ਼ ਕਰਨਗੇ।

(ਖ) ਲਿਖਤੀ ਪ੍ਰੀਖਿਆ ਅਤੇ ਕਾਉਂਸਲਿੰਗ ਲਈ ਆਉਣ ਵਾਲੇ ਉਮੀਦਵਾਰਾਂ ਨੂੰ ਕੋਈ ਟੀ.ਏ./ਡੀ.ਏ. ਅਦਾ ਨਹੀਂ ਕੀਤਾ ਜਾਵੇਗਾ।

(ਗ) ਇਸ ਭਰਤੀ ਸਬੰਧੀ ਹੋਰ ਜਾਣਕਾਰੀ ਪ੍ਰਾਪਤ ਕਰਨ ਲਈ ਕਿਸੇ ਵੀ ਕੰਮ-ਕਾਜ ਵਾਲੇ ਦਿਨ ਦਫ਼ਤਰੀ ਸਮੇਂ ਦੌਰਾਨ ਬੋਰਡ ਦੇ ਟੈਲੀਫੋਨ ਨੰ. 0172-2298000 (Extension No. 5106 and 5107), 0172-2298083, ਹੈਲਪਲਾਈਨ ਨੰਬਰ 99885-80229 ਅਤੇ 96469-32955 ਤੇ ਸੰਪਰਕ ਕੀਤਾ ਜਾ ਸਕਦਾ ਹੈ।

(ਘ) ਇਸ ਇਸ਼ਤਿਹਾਰ/ਭਰਤੀ ਸਬੰਧੀ ਜੇਕਰ ਕੋਈ ਤਰੁੱਟੀ ਧਿਆਨ ਵਿੱਚ ਆਉਂਦੀ ਹੈ ਤਾਂ ਬੋਰਡ ਉਸ ਵਿੱਚ ਸੋਧ ਕਰਨ ਲਈ ਅਧਿਕਾਰਿਤ ਹੋਵੇਗਾ।

**ਸਹੀ/-**

**ਸਥਾਨ**: **ਐਸ.ਏ.ਐਸ. ਨਗਰ**

**ਮਿਤੀ**: **25.09.2026**

**ਸਕੱਤਰ**

**ਅਧੀਨ ਸੇਵਾਵਾਂ ਚੋਣ ਬੋਰਡ**, **ਪੰਜਾਬ**

**Annexure - A**

| ਲੜੀ ਨੰ. | ਵਿਭਾਗ ਦਾ ਨਾਮ | ਅਸਾਮੀ ਦਾ ਨਾਮ | General | | SC (M&B) | | SC (R&O) | | BC | | ESM General | | ESM SC (R&O) | | Sports (Gen) | | Sports SC (M&B) | | PH (Ortho) | | PH(VI) | | PH(HI) | | EWS | | Total | |
|---|---|---|---|---|---|---|---|---|---|---|---|---|---|---|---|---|---|---|---|---|---|---|---|---|---|---|---|---|
| | | | T | W | T | W | T | W | T | W | T | W | T | W | T | W | T | W | T | W | T | W | T | W | T | W | T | W |
| 1 | ਪੇਂਡੂ ਵਿਕਾਸ ਅਤੇ ਪੰਚਾਇਤ ਵਿਭਾਗ, ਪੰਜਾਬ | ਡਰਾਈਵਰ | 1 | 0 | 1 | 0 | | | 1 | 1 | 1 | 1 | | | | | | | | | | | | | 1 | 1 | **5** | **3** |
| 2 | ਡਾਇਰੈਕਟੋਰੇਟ, ਰੋਜ਼ਗਾਰ ਉਤਪਤੀ, ਹੁਨਰ ਵਿਕਾਸ ਅਤੇ ਸਿਖਲਾਈ ਵਿਭਾਗ | ਕਲਰਕ (ਲੀਗਲ) | 1 | 1 | | | 1 | 1 | | | | | | | | | | | | | | | | | | | **2** | **2** |
| 3 | ਡਾਇਰੈਕਟੋਰੇਟ, ਰੋਜ਼ਗਾਰ ਉਤਪਤੀ, ਹੁਨਰ ਵਿਕਾਸ ਅਤੇ ਸਿਖਲਾਈ ਵਿਭਾਗ | ਕਲਰਕ (ਅਕਾਊਂਟਸ) | 9 | 3 | 3 | 2 | 3 | 1 | 3 | 1 | 2 | 1 | 1 | | 1 | 1 | | | 1 | 1 | | | | | 2 | 1 | **25** | **11** |
| 4 | ਡਾਇਰੈਕਟੋਰੇਟ, ਰੱਖਿਆ ਸੇਵਾਵਾਂ ਭਲਾਈ ਪੰਜਾਬ | ਕਲਰਕ (ਲੀਗਲ) | 1 | 0 | | | | | | | | | | | | | | | | | | | | | | | **1** | **0** |
| 5 | ਆਬਕਾਰੀ ਤੇ ਕਰ ਵਿਭਾਗ (ਖੇਤਰੀ ਦਫਤਰ) | ਕਲਰਕ (ਅਕਾਊਂਟਸ) | | | 3 | 1 | 1 | | | | 3 | 1 | | | | | | | | | 1 | | | | 1 | | **9** | **2** |
| 6 | ਆਬਕਾਰੀ ਤੇ ਕਰ ਵਿਭਾਗ (ਖੇਤਰੀ ਦਫਤਰ) | ਕਲਰਕ (ਲੀਗਲ) | | | | | 1 | 1 | 1 | 1 | 1 | | | | | | 1 | | | | | | 1 | | 1 | 1 | **6** | **3** |
| 7 | ਆਬਕਾਰੀ ਤੇ ਕਰ ਵਿਭਾਗ (ਮੁੱਖ ਦਫਤਰ) | ਕਰਲਰ (ਆਈ.ਟੀ.) | 1 | 0 | | | | | | | | | | | | | | | | | | | | | | | **1** | **0** |
| 8 | ਦਫਤਰ ਕਿਰਤ ਕਮਿਸ਼ਨਰ, ਪੰਜਾਬ | ਕਲਰਕ (ਆਈ.ਟੀ.) | 4 | 1 | 1 | 1 | 2 | | 1 | 1 | 1 | 1 | | | | | | | | | | | | | | | **9** | **4** |
| 9 | ਦਫਤਰ ਕਿਰਤ ਕਮਿਸ਼ਨਰ, ਪੰਜਾਬ | ਕਲਰਕ (ਲੀਗਲ) | | | 1 | 1 | | | | | | | | | | | | | | | | | | | | | **1** | **1** |
| 10 | ਦਫਤਰ ਕਿਰਤ ਕਮਿਸ਼ਨਰ, ਪੰਜਾਬ | ਟਰਾਂਸਲੇਟਰ | 4 | 1 | 1 | 1 | 1 | | | | | | | | | | | | | | | | | | | | **6** | **2** |
| 11 | ਸ਼ਹਿਰੀ ਹਵਾਬਾਜੀ ਵਿਭਾਗ, ਪੰਜਾਬ | ਕਲਰਕ (ਆਈ.ਟੀ.) | 1 | 0 | | | | | | | | | | | | | | | | | | | | | | | **1** | **0** |
| 12 | ਡਾਇਰੈਕਟੋਰੇਟ ਆਫ ਸਭਿਆਚਾਰਕ ਮਾਮਲੇ, ਪੁਰਾਤੱਤਵ ਤੇ ਅਜਾਇਬਘਰ ਵਿਭਾਗ, ਪੰਜਾਬ | ਫੀਲਡ ਆਰਟਿਸਟ | 1 | | | | | | | | | | | | | | | | | | | | | | | | **1** | **0** |
| 13 | ਡਾਇਰੈਕਟੋਰੇਟ ਆਫ ਸਭਿਆਚਾਰਕ ਮਾਮਲੇ, ਪੁਰਾਤੱਤਵ ਤੇ ਅਜਾਇਬਘਰ ਵਿਭਾਗ, ਪੰਜਾਬ | ਕਲਰਕ (ਲੀਗਲ) | 1 | | | | | | | | | | | | | | | | | | | | | | | | **1** | **0** |
| 14 | ਡਾਇਰੈਕਟਟਰ, ਡੇਅਰੀ ਵਿਕਾਸ ਵਿਭਾਗ, ਪੰਜਾਬ | ਕਲਰਕ (ਲੀਗਲ) | 1 | | 1 | | | | | | | | | | | | | | | | | | | | | | **2** | **0** |
| | ਕੁੱਲ | | **25** | **6** | **11** | **6** | **9** | **3** | **6** | **4** | **8** | **4** | **1** | **0** | **1** | **1** | **1** | **0** | **1** | **1** | **1** | **0** | **1** | **0** | **5** | **3** | **70** | **28** |

Note:- T stands from Total Number of Posts and W stands for Out of T (Total) posts, Posts reserved for Woman.

**Annexure-B**

(ੳ) ਡਰਾਈਵਰ, ਟਰਾਂਸਲੇਟਰ ਅਤੇ ਫੀਲਡ ਆਰਟਿਸਟ ਦੀਆਂ ਅਸਾਮੀਆਂ ਦੀ ਚੋਣ ਵਿਧੀ/ਪ੍ਰੀਖਿਆ ਸਬੰਧੀ ਜਾਣਕਾਰੀ:-

<table>
<tr><th>ਲੜੀ ਨੰ.</th><th>ਵਿਭਾਗ ਦਾ ਨਾਮ</th><th>ਅਸਾਮੀ ਦਾ ਨਾਮ</th><th>ਚੋਣ ਵਿਧੀ/ਪ੍ਰੀਖਿਆ ਸੰਬੰਧੀ ਜਾਣਕਾਰੀ</th></tr>
<tr><td>1</td><td>ਪੇਂਡੂ ਵਿਕਾਸ ਅਤੇ ਪੰਚਾਇਤ ਵਿਭਾਗ, ਪੰਜਾਬ</td><td>ਡਰਾਈਵਰ</td><td rowspan="3">i. ਪ੍ਰਕਾਸ਼ਿਤ ਕੀਤੀਆਂ ਅਸਾਮੀਆਂ ਲਈ ਸਫਲਤਾਪੂਰਵਕ ਅਪਲਾਈ ਕਰਨ ਵਾਲੇ ਉਮੀਦਵਾਰਾਂ ਦੀ Objective Type {Multiple Choice Question (MCQ)} ਲਿਖਤੀ ਪ੍ਰੀਖਿਆ ਲਈ ਜਾਵੇਗੀ।<br><br>ii. ਇਹ ਪ੍ਰੀਖਿਆ ਦੋ ਭਾਗਾਂ (Part A & B) ਵਿੱਚ ਹੋਵੇਗੀ। Part-A ਵਿੱਚ ਦਸਵੀਂ ਪੱਧਰ ਦੀ ਪੰਜਾਬੀ ਭਾਸ਼ਾ ਦਾ ਪੇਪਰ ਹੋਵੇਗੀ, ਜੋ ਕਿ ਸਿਰਫ qualifying nature ਦਾ ਹੋਵੇਗਾ। ਇਹ ਪੇਪਰ qualify ਕਰਨ ਲਈ ਘੱਟੋ-ਘੱਟ 50% ਅੰਕ ਪ੍ਰਾਪਤ ਕਰਨੇ ਜਰੂਰੀ ਹਨ।<br><br>iii. ਉਮੀਦਵਾਰਾਂ ਦੀ ਮੈਰਿਟ ਸੂਚੀ (Merit List) ਲਿਖਤੀ ਪ੍ਰੀਖਿਆ ਦੇ ਸਿਰਫ Part-B ਵਿੱਚ ਪ੍ਰਾਪਤ ਅੰਕਾਂ ਦੇ ਆਧਾਰ ਤੇ ਤਿਆਰ ਕੀਤੀ ਜਾਵੇਗਾ। Part-B ਵਿੱਚ ਨੈਗੇਟਿਵ ਮਾਰਕਿੰਗ ਹੋਵੇਗੀ। ਹਰੇਕ ਪ੍ਰਸ਼ਨ ਦਾ 1 ਅੰਕ ਹੋਵੇਗਾ ਅਤੇ ਗਲਤ ਉੱਤਰ ਲਈ ¼ ਅੰਕ ਕੱਟੇ ਜਾਣਗੇ।<br><br>iv. ਲਿਖਤੀ ਪ੍ਰੀਖਿਆ ਵਿੱਚ ਜੇਕਰ ਮੈਰਿਟ ਦੀ ਬਰਾਬਰਤਾ ਸੰਬੰਧੀ ਕੋਈ ਮਾਮਲਾ ਸਾਹਮਣੇ ਆਉਂਦਾ ਹੈ ਤਾਂ ਇਸ ਸਬੰਧੀ ਬਰਾਬਰ ਅੰਕ ਹਾਸਿਲ ਉਮੀਦਵਾਰਾਂ ਦੀ ਜਨਮ ਮਿਤੀ ਨੂੰ ਵਿਚਾਰਿਆ ਜਾਵੇਗਾ ਅਤੇ ਵੱਧ ਉਮਰ ਵਾਲੇ ਉਮੀਦਵਾਰ ਦੀ ਮੈਰਿਟ ਉੱਪਰ ਮੰਨੀ ਜਾਵੇਗੀ। ਜੇਕਰ ਬਰਾਬਰ ਮੈਰਿਟ ਹਾਸਿਲ ਉਮੀਦਵਾਰਾਂ ਦੀ ਜਨਮ ਮਿਤੀ ਮੁਤਾਬਿਕ ਉਮਰ ਵਿੱਚ ਵੀ ਬਰਾਬਰਤਾ ਪਾਈ ਜਾਂਦੀ ਹੈ ਤਾਂ ਇਸ ਸਬੰਧੀ ਉਮੀਦਵਾਰ ਦੀ ਮੰਗੀ ਵਿੱਦਿਅਕ ਯੋਗਤਾ ਦੀ ਪ੍ਰਤੀਸ਼ਤਤਾ ਨੂੰ ਵਿਚਾਰਦੇ ਹੋਏ ਵੱਧ ਅੰਕ ਹਾਸਿਲ ਕਰਨ ਵਾਲੇ ਉਮੀਦਵਾਰ ਦੀ ਮੈਰਿਟ ਉੱਪਰ ਮੰਨੀ ਜਾਵੇਗੀ ਅਤੇ ਜੇਕਰ ਉਪਰੋਕਤ ਦੋਵੇਂ ਸਥਿਤੀਆਂ ਵਿੱਚ ਵੀ ਅੰਕਾਂ ਦੀ ਬਰਾਬਰਤਾ ਦਾ ਵਿਵਾਦ ਨਹੀਂ ਸੁਲਝਦਾ ਹੈ ਤਾਂ ਅੰਤ ਵਿੱਚ ਮੈਟ੍ਰਿਕ ਦੇ ਅੰਕਾਂ ਨੂੰ ਵਿਚਾਰਦੇ ਹੋਏ ਮੈਟ੍ਰਿਕ ਵਿਚ ਵੱਧ ਅੰਕ ਹਾਸਿਲ ਕਰਨ ਵਾਲੇ ਉਮੀਦਵਾਰ ਦੀ ਮੈਰਿਟ</td></tr>
<tr><td>2</td><td>ਦਫਤਰ ਕਿਰਤ ਕਮਿਸ਼ਨਰ, ਪੰਜਾਬ</td><td>ਟਰਾਂਸਲੇਟਰ</td></tr>
<tr><td>3</td><td>ਡਾਇਰੈਕਟੋਰੇਟ ਆਫ ਸਭਿਆਚਾਰਕ ਮਾਮਲੇ, ਪੁਰਾਤੱਤਵ ਤੇ ਅਜਾਇਬਘਰ ਵਿਭਾਗ, ਪੰਜਾਬ</td><td>ਫੀਲਡ ਆਰਟਿਸਟ</td></tr>
</table>

| | | | |
|---|---|---|---|
| | | | ਉੱਪਰ ਮੰਨੀ ਜਾਵੇਗੀ।<br><br>v. ਮੈਰਿਟ ਸੂਚੀ ਦੇ ਆਧਾਰ ਤੇ ਉਮੀਦਵਾਰਾਂ ਨੂੰ ਹਰ ਤਰ੍ਹਾਂ ਦੇ ਦਸਤਾਵੇਜਾਂ ਦੀ ਪੜਤਾਲ/ਵੈਰੀਫਿਕੇਸ਼ਨ ਕਰਨ ਲਈ ਕਾਉਂਸਲਿੰਗ ਲਈ ਬੁਲਾਇਆ ਜਾਵੇਗਾ। ਕਾਉਂਸਲਿੰਗ ਲਈ ਬੁਲਾਏ ਜਾਣ ਵਾਲੇ ਉਮੀਦਵਾਰਾਂ ਦੀ ਗਿਣਤੀ ਦਾ ਫੈਸਲਾ ਬੋਰਡ ਜਾਂ ਬੋਰਡ ਦੀ ਸਮਰੱਥ ਅਥਾਰਟੀ/ਅਧਿਕਾਰੀ ਵੱਲੋਂ ਸ਼੍ਰੇਣੀ ਵਾਰ ਅਸਾਮੀਆਂ ਦੀ ਗਿਣਤੀ ਨੂੰ ਧਿਆਨ ਵਿੱਚ ਰੱਖਦੇ ਹੋਏ ਲਿਆ ਜਾਵੇਗਾ। ਇਸ ਉਪਰੰਤ ਕਾਉਂਸਲਿੰਗ ਉਪਰੰਤ ਮੁਕੰਮਲ ਤੌਰ ਤੇ ਸਫਲ/ਯੋਗ ਪਾਏ ਗਏ ਉਮੀਦਵਾਰਾਂ ਦੇ ਨਾਮ ਅਸਾਮੀਆਂ ਦੀ ਉਸ ਸਮੇਂ ਦੀ ਮੌਜੂਦਾ ਗਿਣਤੀ (ਜੋ ਕਿ ਸਬੰਧਤ ਵਿਭਾਗ ਦੇ ਹੁਕਮਾਂ/ਹਦਾਇਤਾਂ ਅਨੁਸਾਰ ਭਰਤੀ ਪ੍ਰਕੀਰਿਆ ਦੌਰਾਨ ਕਿਸੇ ਵੀ ਸਮੇਂ ਘਟਾਈ ਜਾਂ ਵਧਾਈ ਜਾ ਸਕਦੀ ਹੈ) ਅਨੁਸਾਰ ਸਬੰਧਤ ਵਿਭਾਗ ਨੂੰ ਸਿਫਾਰਸ਼ ਕੀਤੇ ਜਾਣਗੇ।<br>vi. ਆਨਲਾਈਨ ਅਪਲਾਈ ਕਰਨ ਜਾਂ ਲਿਖਤੀ ਪੇਪਰ ਵਿੱਚ ਸ਼ਾਮਲ ਹੋਣ ਜਾਂ ਮੈਰਿਟ ਸੂਚੀ ਵਿੱਚ ਨਾਮ ਆਉਣ ਜਾਂ ਕਾਉਂਸਲਿੰਗ ਲਈ ਬੁਲਾਏ ਜਾਣ ਨਾਲ ਉਮੀਦਵਾਰ ਅਸਾਮੀ ਲਈ ਸਿਫਾਰਸ਼ ਹੋਣ ਦਾ ਅਧਿਕਾਰੀ ਨਹੀਂ ਬਣ ਜਾਵੇਗਾ। ਅਸਾਮੀਆਂ ਲਈ ਹਰ ਪੱਖੋਂ ਉਮੀਦਵਾਰ ਦੀ ਯੋਗਤਾ ਸਿੱਧ ਹੋਣ ਉਪਰੰਤ ਹੀ ਲਿਖਤੀ ਪ੍ਰੀਖਿਆ ਦੀ ਮੈਰਿਟ ਦੇ ਆਧਾਰ ਤੇ ਉਸਦਾ ਨਾਮ ਸਬੰਧਤ ਵਿਭਾਗ ਨੂੰ ਸਿਫਾਰਸ਼ ਕੀਤਾ ਜਾਵੇਗਾ। ਉਮੀਦਵਾਰ ਵੱਲੋਂ ਆਪਣੀ ਯੋਗਤਾ ਸਿੱਧ ਨਾ ਕਰ ਸਕਣ ਦੀ ਸਥਿਤੀ ਵਿੱਚ ਉਸਦੀ ਪਾਤਰਤਾ ਰੱਦ ਕਰ ਦਿੱਤੀ ਜਾਵੇਗੀ ਅਤੇ ਇਸ ਸਬੰਧੀ ਬੋਰਡ ਵੱਲੋਂ ਲਿਆ ਗਿਆ ਫੈਸਲਾ ਅੰਤਿਮ ਹੋਵੇਗਾ।<br>vii. ਲਿਖਤੀ ਪ੍ਰੀਖਿਆ ਲਈ ਰੋਲ ਨੰਬਰ, ਪਾਠ ਕ੍ਰਮ (Syllabus) ਅਤੇ ਹੋਰ ਜਾਣਕਾਰੀ ਬੋਰਡ ਦੀ ਵੈੱਬਸਾਈਟ https://sssb.punjab.gov.in ਤੇ ਸਮੇਂ-ਸਮੇਂ ਤੇ ਜਾਰੀ ਕੀਤੀ ਜਾਵੇਗੀ। ਇਸ ਲਈ ਉਮੀਦਵਾਰ ਸਮੇਂ ਸਮੇਂ ਤੇ ਬੋਰਡ ਦੀ ਵੈੱਬਸਾਈਟ ਚੈੱਕ ਕਰਦੇ ਰਹਿਣਗੇ। ਕਿਸੇ ਵੀ ਉਮੀਦਵਾਰ ਨਾਲ ਵਿਅਕਤੀਗਤ ਤੌਰ ਤੇ ਪੱਤਰ ਵਿਹਾਰ ਨਹੀਂ ਕੀਤਾ ਜਾਵੇਗਾ, ਜੇਕਰ ਕੋਈ ਉਮੀਦਵਾਰ ਵੈੱਬਸਾਈਟ ਚੈੱਕ ਨਹੀਂ ਕਰਦਾ ਤਾਂ ਬਾਅਦ ਵਿੱਚ ਉਸਦਾ ਕੋਈ ਕਲੇਮ ਮੰਨਣਯੋਗ ਨਹੀਂ ਹੋਵੇਗਾ। |

(ਅ) ਕਲਰਕ (ਲੀਗਲ), ਕਲਰਕ (ਆਕਉਂਟ), ਕਲਰਕ (ਲੇਖਾ), ਕਲਰਕ (ਆਈ.ਟੀ.) ਦੀਆਂ ਅਸਾਮੀਆਂ ਦੀ ਚੋਣ ਵਿਧੀ/ਪ੍ਰੀਖਿਆ ਸਬੰਧੀ ਜਾਣਕਾਰੀ।

| ਲੜੀ ਨੰ. | ਵਿਭਾਗ ਦਾ ਨਾਮ | ਅਸਾਮੀ ਦਾ ਨਾਮ | ਚੋਣ ਵਿਧੀ/ਪ੍ਰੀਖਿਆ ਸੰਬੰਧੀ ਜਾਣਕਾਰੀ |
|---|---|---|---|
| 1 | ਡਾਇਰੈਕਟੋਰੇਟ, ਰੋਜ਼ਗਾਰ ਉਤਪਤੀ, ਹੁਨਰ ਵਿਕਾਸ ਅਤੇ ਸਿਖਲਾਈ ਵਿਭਾਗ | ਕਲਰਕ (ਲੀਗਲ) | i. ਪ੍ਰਕਾਸ਼ਿਤ ਕੀਤੀਆਂ ਅਸਾਮੀਆਂ ਲਈ ਸਫਲਤਾਪੂਰਵਕ ਅਪਲਾਈ ਕਰਨ ਵਾਲੇ ਉਮੀਦਵਾਰਾਂ ਦੀ Objective type (Multiple Choice Question (MCQ)) ਲਿਖਤੀ ਪ੍ਰੀਖਿਆ ਲਈ ਜਾਵੇਗੀ।<br>ii. ਇਹ ਪ੍ਰੀਖਿਆ ਦੋ ਭਾਗਾਂ (Part A & B) ਵਿੱਚ ਹੋਏਗੀ। Part-A ਵਿੱਚ ਦਸਵੀਂ ਪੱਧਰ ਦੀ ਪੰਜਾਬੀ ਭਾਸ਼ਾ ਦਾ ਪੇਪਰ ਹੋਏਗਾ, ਜੋ ਕਿ ਸਿਰਫ qualifying nature ਦਾ ਹੋਏਗਾ। ਇਹ ਪੇਪਰ qualify ਕਰਨ ਲਈ ਘੱਟੋ-ਘੱਟ 50% ਅੰਕ ਪ੍ਰਾਪਤ ਕਰਨੇ ਜਰੂਰੀ ਹਨ।<br>iii. ਉਮੀਦਵਾਰਾਂ ਦੀ ਮੈਰਿਟ ਸੂਚੀ (Merit List) ਲਿਖਤੀ ਪ੍ਰੀਖਿਆ ਦੇ ਸਿਰਫ Part-B ਵਿੱਚ ਪ੍ਰਾਪਤ ਅੰਕਾਂ ਦੇ ਆਧਾਰ ਤੇ ਤਿਆਰ ਕੀਤੀ ਜਾਵੇਗੀ। Part-B ਵਿੱਚ ਨੈਗੇਟਿਵ ਮਾਰਕਿੰਗ ਹੋਵੇਗੀ। ਹਰੇਕ ਪ੍ਰਸ਼ਨ ਦਾ 1 ਅੰਕ ਹੋਵੇਗਾ ਅਤੇ ਹਰੇਕ ਗਲਤ ਉੱਤਰ ਲਈ 1/4 ਅੰਕ ਕੱਟੇ ਜਾਣਗੇ।<br>iv. ਲਿਖਤੀ ਪ੍ਰੀਖਿਆ ਵਿੱਚੋਂ ਸਮਰੱਥ ਅਥਾਰਟੀ ਦੇ ਫੈਸਲੇ ਅਨੁਸਾਰ ਬੁਲਾਏ ਜਾਣ ਵਾਲੇ ਉਮੀਦਵਾਰਾਂ ਦਾ ਅੰਗਰੇਜੀ ਅਤੇ ਪੰਜਾਬੀ ਵਿੱਚ 30 ਸ਼ਬਦ ਪ੍ਰਤੀ ਮਿੰਟ ਦੀ ਸਪੀਡ ਨਾਲ ਟਾਈਪ ਟੈਸਟ ਲਿਆ ਜਾਵੇਗਾ।<br>v. ਅੰਗਰੇਜੀ ਅਤੇ ਪੰਜਾਬੀ ਦਾ ਟਾਈਪ ਟੈਸਟ ਕੰਪਿਊਟਰ ਤੇ ਲਿਆ ਜਾਵੇਗਾ। ਪੰਜਾਬੀ ਦਾ ਟਾਈਪ ਟੈਸਟ Unicode Compliant Font Raavi ਵਿੱਚ ਲਿਆ ਜਾਵੇਗਾ।<br>vi. ਅੰਗਰੇਜੀ ਅਤੇ ਪੰਜਾਬੀ ਦਾ ਟਾਇਪ ਟੈਸਟ ਕੇਵਲ Qualifying Nature ਦਾ ਹੋਵੇਗਾ ਅਤੇ ਇਹ ਟਾਈਪ ਟੈਸਟ Qualify ਕਰਨਾ ਲਾਜਮੀ ਹੋਵੇਗਾ।<br>vii. ਉਮੀਦਵਾਰਾਂ ਨੂੰ ਹਰ ਤਰ੍ਹਾਂ ਦੇ ਦਸਤਾਵੇਜਾਂ ਦੀ ਪੜਤਾਲ/ਵੈਰੀਫਿਕੇਸ਼ਨ ਕਰਨ ਲਈ ਕਾਉਂਸਲਿੰਗ ਲਈ ਬੁਲਾਇਆ ਜਾਵੇਗਾ। ਕਾਉਂਸਲਿੰਗ ਲਈ ਬੁਲਾਏ ਜਾਣ ਵਾਲੇ ਉਮੀਦਵਾਰਾਂ ਦੀ ਗਿਣਤੀ ਦਾ ਫੈਸਲਾ ਬੋਰਡ ਜਾਂ ਬੋਰਡ ਦੀ ਸਮਰੱਥ ਅਥਾਰਟੀ/ਅਧਿਕਾਰੀ ਵੱਲੋਂ ਲਿਆ ਜਾਵੇਗਾ।<br>viii. Common Merit List ਟਾਈਪ ਟੈਸਟ ਪਾਸ ਉਮੀਦਵਾਰਾਂ ਦੇ ਲਿਖਤੀ ਪ੍ਰੀਖਿਆ (Part-B) ਵਿੱਚ ਪ੍ਰਾਪਤ ਅੰਕਾਂ ਦੇ ਅਧਾਰ ਤੇ ਤਿਆਰ ਕੀਤੀ ਜਾਵੇਗੀ। |
| 2 | ਡਾਇਰੈਕਟੋਰੇਟ, ਰੋਜ਼ਗਾਰ ਉਤਪਤੀ, ਹੁਨਰ ਵਿਕਾਸ ਅਤੇ ਸਿਖਲਾਈ ਵਿਭਾਗ | ਕਲਰਕ (ਅਕਾਉਂਟਸ) | |
| 3 | ਡਾਇਰੈਕਟੋਰੇਟ, ਰੱਖਿਆ ਸੇਵਾਵਾਂ ਭਲਾਈ ਪੰਜਾਬ | ਕਲਰਕ (ਲੀਗਲ) | |
| 4 | ਆਬਕਾਰੀ ਤੇ ਕਰ ਵਿਭਾਗ (ਖੇਤਰੀ ਦਫਤਰ) | ਕਲਰਕ (ਅਕਾਉਂਟਸ) | |
| 5 | ਆਬਕਾਰੀ ਤੇ ਕਰ ਵਿਭਾਗ (ਖੇਤਰੀ ਦਫਤਰ) | ਕਲਰਕ (ਲੀਗਲ) | |
| 6 | ਆਬਕਾਰੀ ਤੇ ਕਰ ਵਿਭਾਗ (ਮੁੱਖ ਦਫਤਰ) | ਕਲਰਕ (ਆਈ.ਟੀ.) | |
| 7 | ਦਫਤਰ ਕਿਰਤ ਕਮਿਸ਼ਨਰ, ਪੰਜਾਬ | ਕਲਰਕ (ਆਈ.ਟੀ.) | |
| 8 | ਦਫਤਰ ਕਿਰਤ ਕਮਿਸ਼ਨਰ, ਪੰਜਾਬ | ਕਲਰਕ (ਲੀਗਲ) | |
| 9 | ਸ਼ਹਿਰੀ ਹਵਾਬਾਜੀ ਵਿਭਾਗ, ਪੰਜਾਬ | ਕਲਰਕ (ਆਈ.ਟੀ.) | |
| 10 | ਡਾਇਰੈਕਟੋਰੇਟ ਆਫ ਸਭਿਆਚਾਰਕ ਮਾਮਲੇ, ਪੁਰਾਤੱਤਵ ਤੇ ਅਜਾਇਬਘਰ ਵਿਭਾਗ, ਪੰਜਾਬ | ਕਲਰਕ (ਲੀਗਲ) | |
| 11 | ਡਾਇਰੈਕਟਟਰ, ਡੇਅਰੀ ਵਿਕਾਸ ਵਿਭਾਗ, ਪੰਜਾਬ | ਕਲਰਕ (ਲੀਗਲ) | |

ix. ਜੇਕਰ ਦੋ ਜਾਂ ਦੋ ਤੋਂ ਵੱਧ ਉਮੀਦਵਾਰਾਂ ਦੀ ਲਿਖਤੀ ਪ੍ਰੀਖਿਆ ਦੀ ਮੈਰਿਟ ਦੀ ਬਾਰਬਰਤਾ ਸਬੰਧੀ ਕੋਈ ਮਾਮਲਾ ਸਾਹਮਣੇ ਆਉਂਦਾ ਹੈ ਤਾਂ ਇਸ ਸਬੰਧੀ ਬਰਾਬਰ ਅੰਕ ਹਾਸਲ ਕਰਨ ਵਾਲੇ ਉਮੀਦਵਾਰਾਂ ਦੀ ਜਨਮ ਮਿਤੀ ਨੂੰ ਵਿਚਾਰਦੇ ਹੋਏ ਵੱਧ ਉਮਰ ਵਾਲੇ ਉਮੀਦਵਾਰ ਦੀ ਮੈਰਿਟ ਉੱਪਰ ਮੰਨੀ ਜਾਵੇਗੀ। ਜੇਕਰ ਜਨਮ ਮਿਤੀ ਅਨੁਸਾਰ ਉਮਰ ਵਿੱਚ ਵੀ ਬਰਾਬਰਤਾ ਪਾਈ ਜਾਂਦੀ ਹੈ ਤਾਂ ਇਸ ਉਪਰੰਤ ਅਸਾਮੀ ਲਈ ਲੋੜੀਂਦੀ ਵਿਦਿਅਕ ਯੋਗਤਾ ਦੀ ਅੰਕ ਪ੍ਰਤੀਸ਼ਤਤਾ ਨੂੰ ਵਿਚਾਰਦੇ ਹੋਏ ਵੱਧ ਅੰਕ ਹਾਸਲ ਉਮੀਦਵਾਰ ਦੀ ਮੈਰਿਟ ਉੱਪਰ ਮੰਨੀ ਜਾਵੇਗੀ। ਜੇਕਰ ਇਸ ਉਪਰੰਤ ਵੀ ਅੰਕਾਂ ਦੀ ਬਰਾਬਰਤਾ ਦਾ ਮਾਮਲਾ ਨਹੀਂ ਸੁਲਝਦਾ ਹੈ ਤਾਂ ਮੈਟ੍ਰਿਕ ਦੇ ਅੰਕਾਂ ਨੂੰ ਵਿਚਾਰਦੇ ਹੋਏ ਵੱਧ ਮੈਟ੍ਰਿਕ ਅੰਕ ਹਾਸਲ ਉਮੀਦਵਾਰ ਦੀ ਮੈਰਿਟ ਉੱਪਰ ਮੰਨੀ ਜਾਵੇਗੀ। ਇਸ ਵਿਧੀ ਅਨੁਸਾਰ ਮੈਰਿਟ ਦੀ ਬਰਾਬਰਤਾ ਦੇ ਮਾਮਲੇ ਵਿੱਚ ਅਧੀਨ ਸੇਵਾਵਾਂ ਚੋਣ ਬੋਰਡ ਦੁਆਰਾ ਲਿਆ ਗਿਆ ਫੈਸਲਾ ਅੰਤਿਮ ਹੋਵੇਗਾ ਅਤੇ ਇਹ ਸਭ ਉਮੀਦਵਾਰਾਂ ਤੇ ਲਾਗੂ ਹੋਵੇਗਾ।

x. ਕਾਉਂਸਲਿੰਗ ਵਿੱਚ ਮੁਕੰਮਲ ਤੌਰ ਤੇ ਸਫਲ/ਯੋਗ ਪਾਏ ਗਏ ਉਮੀਦਵਾਰਾਂ ਦੇ ਨਾਮ Common Merit List ਮੁਤਾਬਕ ਸਬੰਧਤ ਵਿਭਾਗ ਨੂੰ ਸਿਫਾਰਸ਼ ਕੀਤੇ ਜਾਣਗੇ।

xi. ਉਮੀਦਵਾਰਾਂ ਨੂੰ ਲਿਖਤੀ ਪ੍ਰੀਖਿਆ ਅਤੇ ਟਾਈਪ ਟੈਸਟ ਲਈ ਬੋਰਡ ਦੀ ਵੈਂਬਸਾਈਟ ਤੇ ਹੀ online Admit Card ਜਾਰੀ ਕੀਤੇ ਜਾਣਗੇ। ਲਿਖਤੀ ਪ੍ਰੀਖਿਆ ਦਾ ਸਿਲੇਬਸ/ਪੈਟਰਨ (Pattern) ਬੋਰਡ ਦੀ ਵੈੱਬਸਾਈਟ ਤੇ ਅਪਲੋਡ ਕੀਤਾ ਜਾਵੇਗਾ। ਇਸ ਲਈ ਉਮੀਦਵਾਰਾਂ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਉਹੋ ਬੋਰਡ ਦੀ ਵੈਬਸਾਈਟ ਨੂੰ ਲਾਜ਼ਮੀ ਤੌਰ ਤੇ ਚੈੱਕ ਕਰਦੇ ਰਹਿਣ।

xii. ਆਨਲਾਈਨ ਅਪਲਾਈ ਕਰਨ ਜਾਂ ਲਿਖਤੀ ਪੇਪਰ ਜਾਂ ਟਾਈਪ ਟੈਸਟ ਵਿੱਚ ਅਪੀਅਰ ਹੋਣ ਜਾਂ ਮੈਰਿਟ ਸੂਚੀ ਵਿੱਚ ਨਾਮ ਆਉਣ ਜਾਂ ਕਾਉਂਸਲਿੰਗ ਲਈ ਬੁਲਾਏ ਜਾਣ ਨਾਲ ਉਮੀਦਵਾਰ ਅਸਾਮੀ ਲਈ ਸਿਫਾਰਸ਼ ਹੋਣ ਦਾ ਅਧਿਕਾਰੀ ਨਹੀਂ ਬਣ ਜਾਵੇਗਾ। ਅਸਾਮੀਆਂ ਲਈ ਹਰ ਪੱਖੋਂ ਉਮੀਦਵਾਰ ਦੀ ਯੋਗਤਾ ਸਿੱਧ ਹੋਣ ਉਪਰੰਤ ਹੀ ਲਿਖਤੀ ਪ੍ਰੀਖਿਆ ਦੀ ਮੈਰਿਟ ਦੇ ਆਧਾਰ ਤੇ ਉਸਦਾ ਨਾਮ ਸਬੰਧਤ ਵਿਭਾਗ ਨੂੰ ਸਿਫਾਰਸ਼ ਕੀਤਾ ਜਾਵੇਗਾ। ਉਮੀਦਵਾਰ ਵੱਲੋਂ ਆਪਣੀ ਯੋਗਤਾ ਸਿੱਧ ਨਾ ਕਰ ਸਕਣ ਦੀ ਸਥਿਤੀ ਵਿੱਚ ਉਸਦੀ ਪਾਤਰਤਾ ਰੱਦ ਕਰ ਦਿੱਤੀ ਜਾਵੇਗੀ ਅਤੇ ਇਸ ਸਬੰਧੀ ਬੋਰਡ ਵੱਲੋਂ ਲਿਆ ਗਿਆ ਫੈਸਲਾ ਅੰਤਿਮ ਹੋਵੇਗਾ।

xiii. ਲਿਖਤੀ ਪ੍ਰਿਖਿਆ/ਟਾਈਪ ਟੇਸਟ ਸਬੰਧੀ ਹਰ ਤਰ੍ਹਾਂ ਦੀ ਜਾਣਕਾਰੀ

| | | | |
|---|---|---|---|
| | | | ਜਿਵੇਂ ਕਿ ਪ੍ਰੀਖਿਆ ਦਾ ਸਮਾਂ, ਪ੍ਰੀਖਿਆ ਕੇਂਦਰ, Admit Card, ਨਤੀਜਾ, ਮੈਰਿਟ ਸੂਚੀ ਜਾਂ ਭਰਤੀ ਪ੍ਰਕੀਰਿਆ ਸਬੰਧੀ ਭਵਿੱਖ ਵਿੱਚ ਸਮੇਂ-ਸਮੇਂ ਤੇ ਜਾਰੀ ਹੋਣ ਵਾਲੀ ਹੋਰ ਜਾਣਕਾਰੀ/ਨੋਟਿਸ/ਤਬਦੀਲੀ ਸਿਰਫ ਬੋਰਡ ਦੀ ਵੈੱਬਸਾਈਟ ਤੇ ਹੀ ਅਪਲੋਡ (upload) ਕੀਤੀ ਜਾਵੇਗੀ। ਇਸ ਸਬੰਧੀ ਉਮੀਦਵਾਰਾਂ ਨੂੰ ਵਿਅਕਤੀਗਤ ਤੌਰ ਤੇ ਕੋਈ ਵੀ ਪੱਤਰ-ਵਿਹਾਰ/ਸੂਚਨਾ ਨਹੀਂ ਭੇਜੀ ਜਾਵੇਗੀ। ਸੋ ਜਦ ਤੱਕ ਭਰਤੀ ਪ੍ਰਕਿਰਿਆ ਮੁੰਕਮਲ ਨਹੀਂ ਹੋ ਜਾਂਦੀ ਉਦੋਂ ਤੱਕ ਉਮੀਦਵਾਰਾਂ ਨੂੰ Latest updates ਲਈ ਬੋਰਡ ਦੀ ਵੈੱਬਸਾਈਟ ਲਾਜ਼ਮੀ ਤੌਰ ਤੇ ਚੈੱਕ ਕਰਦੇ ਰਹਿਣਾ ਹੋਵੇਗਾ। ਅਜਿਹਾ ਨਾ ਕਰਨ ਦੀ ਸਥਿਤੀ ਵਿੱਚ ਉਮੀਦਵਾਰ ਨੂੰ ਹੋਣ ਵਾਲੇ ਕਿਸੇ ਵੀ ਨੁਕਸਾਨ ਦੀ ਜਿੰਮੇਵਾਰੀ ਅਧੀਨ ਸੇਵਾਵਾਂ ਚੋਣ ਬੋਰਡ ਦੀ ਨਹੀਂ ਹੋਵੇਗੀ ਅਤੇ ਨਾ ਹੀ ਇਸ ਸਬੰਧੀ ਕੋਈ ਸੁਣਵਾਈ ਦਾ ਮੌਕਾ ਦਿੱਤਾ ਜਾਵੇਗਾ। |